SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 23* Issue 236** | **Thursday, 26 December 2024** | **Tel: 905-793-2202 | Fax: 905-793-2282 | news@punjabipost.ca** ਤੁਸੀਂ 'ਪੰਜਾਬੀ ਪੋਸਟ' ***Online***ਵੇਖ ਸਕਦੇ ਹੋ






# ਸਕਾਰਬਰੋ 'ਚ ਘਰ 'ਚ ਲੱਗੀ ਅੱਗ, ਇੱਕ ਬਜ਼ੁਰਗ ਵਿਅਕਤੀ ਦੀ ਮੌਤ, ਔਰਤ ਹਸਪਤਾਲ 'ਚ ਦਾਖਲ



ਟੋਰਾਂਟੋ, 25 ਦਸੰਬਰ (ਪੋਸਟ ਬਿਊਰੋ): ਸਕਾਰਬਰੋ 'ਚ ਕ੍ਰਿਸਮਸ ਦੀ ਸਵੇਰ ਦੋ ਅਲਾਰਮ ਵਾਲੇ ਘਰ 'ਚ ਅੱਗ ਲੱਗ ਗਈ ਅਤੇ ਅੱਗ ਕਾਰਨ ਇੱਕ ਬਜ਼ੁਰਗ ਵਿਅਕਤੀ ਦੀ ਮੌਤ ਹੋ ਗਈ।

ਬਿਰਚਮਾਊਂਟ ਰੋਡ ਅਤੇ ਹਾਈਵੇ 401 ਦੇ ਇਲਾਕੇ ਵਿੱਚ ਏਲਨਫੋਰਡ ਰੋਡ 'ਤੇ ਇੱਕ ਘਰ ਵਿੱਚ ਸਵੇਰੇ ਕਰੀਬ 2:40 ਵਜੇ ਐਮਰਜੈਂਸੀ ਦਲ ਨੂੰ ਬੁਲਾਇਆ ਗਿਆ।

ਟੋਰਾਂਟੋ ਫਾਇਰ ਨੇ ਦੱਸਿਆ ਕਿ ਫਾਇਰਕਰਮੀ ਉੱਥੇ ਪਹੁੰਚੇ। ਉਨ੍ਹਾਂ ਨੇ ਘਰ ਵਿਚੋਂ ਦੋ ਲੋਕਾਂ ਨੂੰ ਕੱਢਿਆ ਅਤੇ ਉਨ੍ਹਾਂ ਨੂੰ ਪੈਰਾਮੇਡਿਕਸ ਦੀ ਦੇਖਭਾਲ 'ਚ ਭੇਜ ਦਿੱਤਾ।

ਟੋਰਾਂਟੋ ਪੈਰਾਮੇਡਿਕ ਸਰਵਿਸੇਜ ਨੇ ਦੱਸਿਆ ਕਿ ਉਨ੍ਹਾਂ ਨੇ ਇੱਕ 80 ਸਾਲਾ ਵਿਅਕਤੀ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਪਹੁੰਚਾਇਆ, 79 ਸਾਲਾ ਇੱਕ ਔਰਤ ਦੀ ਹਾਲਤ ਗੰਭੀਰ ਸੀ ਅਤੇ 30 ਸਾਲਾ ਇੱਕ ਵਿਅਕਤੀ ਨੂੰ ਮਾਮੂਲੀ ਸੱਟਾਂ ਲੱਗੀਆਂ ਸਨ।

ਟੋਰਾਂਟੋ ਪੁਲਿਸ ਨੇ ਦੱਸਿਆ ਕਿ ਬਜ਼ੁਰਗ ਵਿਅਕਤੀ ਨੂੰ ਹਸਪਤਾਲ ਵਿੱਚ ਮ੍ਰਿਤਕ ਐਲਾਨ ਕਰ ਦਿੱਤਾ ਗਿਆ। ਪੈਰਾਮੇਡਿਕਸ ਨੇ ਘਟਨਾ ਸਥਾਨ 'ਤੇ ਮੌਜੂਦ ਇੱਕ ਫਾਇਰਕਰਮੀ ਨੂੰ ਵੀ ਧੂੰਆਂ ਚੜ੍ਹਨ ਕਾਰਨ ਇਲਾਜ ਦਿੱਤਾ ਗਿਆ ਪਰ ਉਸਨੂੰ ਹਸਪਤਾਲ ਲਿਜਾਣ ਦੀ ਜ਼ਰੂਰਤ ਨਹੀਂ ਪਈ।

ਘਟਨਾ ਸਥਾਨ 'ਤੇ ਮੌਜੂਦ ਇੱਕ ਵਿਅਕਤੀ ਓਵੇਨ ਨੇ ਦੱਸਿਆ ਕਿ ਉਹ ਬੇਸਮੈਂਟ ਵਿੱਚ ਕਿਰਾਏਦਾਰ ਸੀ ਅਤੇ ਘਰ ਵਿੱਚ ਕੁਲ ਸੱਤ ਲੋਕ ਰਹਿੰਦੇ ਸਨ। ਜਿਸ 'ਚ ਉੱਪਰ ਰਹਿਣ ਵਾਲੇ ਇੱਕ ਪਰਵਾਰ ਦੇ ਚਾਰ ਮੈਂਬਰ ਸ਼ਾਮਿਲ ਸਨ। ਉਸ ਨੇ ਕਿਹਾ ਕਿ ਮਰਨ ਵਾਲਾ ਵਿਅਕਤੀ ਛੁੱਟੀਆਂ 'ਚ ਪਰਿਵਾਰ ਨੂੰ ਮਿਲਣ ਆਇਆ ਸੀ।

ਜਾਣਕਾਰੀ ਅਨੁਸਾਰ ਇਹ ਹਾਲੇ ਤੱਕ ਸਪੱਸ਼ਟ ਨਹੀਂ ਹੈ ਕਿ ਅੱਗ ਕਿਵੇਂ ਲੱਗੀ। ਫਾਇਰਕਰਮੀ ਘਟਨਾ ਸਥਲ 'ਤੇ ਮੌਜੂਦ ਹਨ।

# ਹਾਈਵੇ 417 'ਤੇ ਓਵਰਪਾਸ ਦੇ ਹੇਠਾਂ ਫਸਿਆ ਵਾਹਨ

## ਓਪੀਪੀ ਅਤੇ ਓਟਵਾ ਦੇ ਫਾਇਰਫਾਈਟਰਾਂ ਦੀ ਮੱਦਦ ਨਾਲ ਵਾਹਨ ਕੱਢਿਆ



ਓਟਵਾ, 25 ਦਸੰਬਰ (ਪੋਸਟ ਬਿਊਰੋ): ਓਟਵਾ ਦੇ ਫਾਇਰਫਾਈਟਰਾਂ ਅਤੇ ਸਥਾਨਕ ਓਂਟਾਰੀਓ ਪ੍ਰੋਵਿਨਸ਼ੀਅਲ ਪੁਲਿਸ ਅਧਿਕਾਰੀਆਂ ਨੂੰ ਮੰਗਲਵਾਰ ਸਵੇਰੇ ਹਾਈਵੇ 417 'ਤੇ ਇੱਕ ਅਨੋਖਾ ਦ੍ਰਿਸ਼ ਦੇਖਣ ਨੂੰ ਮਿ-ਲਆ।

ਇੱਕ ਚਾਲਕ ਨੇ ਈਗਲਸਨ ਰੋਡ 'ਤੇ ਕਵੀਂਸਵੇ 'ਤੇ ਓਵਰਪਾਸ ਦੇ ਹੇਠਾਂ ਆਪਣਾ ਵਾਹਨ ਫਸਾ ਲਿਆ ਸੀ। ਓਪੀਪੀ ਨੇ ਕਿਹਾ ਕਿ ਚਾਲਕ ਨੇ ਕੰਟਰੋਲ ਗੁਆ ਦਿੱਤਾ ਅਤੇ ਵਾਹਨ ਪੁੱਲ ਹੇਠਾਂ ਪਲਟ ਗਿਆ। ਇਹ ਘਟਨਾ ਸਵੇਰੇ ਕਰੀਬ 8:40 ਵਜੇ ਹੋਈ।

ਓਟਵਾ ਦੇ ਫਾਇਰਫਾਈਟਰਾਂ ਨੇ ਵਿੰਡਸ਼ੀਲਡ ਨੂੰ ਕੱਟਕੇ ਚਾਲਕ ਨੂੰ ਬਾਹਰ ਕੱਢਿਆ। ਉਹ ਵਾਹਨ ਵਿੱਚ ਇਕੱਲਾ ਸੀ ਅਤੇ ਉਸਨੂੰ ਕੋਈ ਸੱਟ ਨਹੀਂ ਲੱਗੀ।

ਓਟਵਾ ਓਪੀਪੀ ਕਾਂਸਟੇਬਲ ਮਾਈਕਲ ਫਥੀ ਨੇ ਕਿਹਾ ਕਿ ਉਨ੍ਹਾਂ ਨੇ ਅਤੇ ਟੀਮ ਦੇ ਹੋਰ ਮੈਬਰਾਂ ਨੇ 417 'ਤੇ ਪੁਲਿਸਿੰਗ ਦੇ ਆਪਣੇ ਸਾਲਾਂ ਵਿੱਚ ਅਜਿਹਾ ਕਦੇ ਨਹੀਂ ਵੇਖਿਆ ਸੀ। ਚਾਲਕ 'ਤੇ ਲਾਪਰਵਾਹੀ ਨਾਲ ਵਾਹਨ ਚਲਾਉਣ ਦਾ ਚਾਰਜਿਜ਼ ਹੈ। ਫਥੀ ਨੇ ਕਿਹਾ ਕਿ ਵਾਹਨ ਨੂੰ ਉਸਦੇ ਸਥਾਨ ਤੋਂ ਹਟਾਉਣ ਵਿੱਚ ਕਰੀਬ ਇੱਕ ਘੰਟਾ ਲੱਗਾ।

# ਨਾਰਥ ਯਾਰਕ ਡਰਾਈਵਵੇ 'ਚ ਮ੍ਰਿਤ ਮਿਲੇ ਸੀਨੀਅਰ ਨਾਗਰਿਕ ਦੇ ਕਤਲ ਦਾ ਮੁਲਜ਼ਮ ਗ੍ਰਿਫ਼ਤਾਰ





ਟੋਰਾਂਟੋ, 25 ਦਸੰਬਰ (ਪੋਸਟ ਬਿਊਰੋ): ਟੋਰਾਂਟੋ ਪੁਲਿਸ ਨੇ 69 ਸਾਲਾ ਵਿਅਕਤੀ ਦੇ ਕਤਲ ਅਤੇ ਗੋਲੀਬਾਰੀ ਦੇ ਮਾਮਲੇ ਵਿੱਚ ਇੱਕ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ ਹੈ, ਜੋ ਇਸ ਮਹੀਨੇ ਦੇ ਸ਼ੁਰੂ ਵਿੱਚ ਨਾਰਥ ਯਾਰਕ ਦੇ ਇੱਕ ਘਰ ਦੇ ਡਰਾਈਵਵੇ ਵਿੱਚ ਮਿਲਿਆ ਸੀ।

9 ਦਸੰਬਰ ਨੂੰ ਸਵੇਰੇ ਕਰੀਬ 4 ਵਜੇ ਏਲਨ ਰੋਡ ਅਤੇ ਲਾਰੇਂਸ ਏਵੇਨਿਊ ਵੇਸਟ ਕੋਲ ਫੇਇਰਹੋਲਮ ਏਵੇਨਿਊ 'ਤੇ ਇੱਕ ਘਰ ਦੇ ਸਾਹਮਣੇ ਮਾਰਿਆਨੋ ਡੇ-ਮਾਰਕੋ ਨੂੰ ਗੋਲੀ ਲੱਗਣ ਕਾਰਨ ਜ਼ਖ਼ਮੀ ਹਾਲਤ ਪਾਇਆ ਗਿਆ।

ਪੁਲਿਸ ਨੇ ਪਹਿਲਾਂ ਕਿਹਾ ਸੀ ਕਿ ਡੇ-ਮਾਰਕੋ ਨੂੰ ਇੱਕ ਪਾਰਕਿੰਗ ਇਨਫੋਰਸਮੈਂਟ ਅਧਿਕਾਰੀ ਨੇ ਪਾਇਆ ਸੀ। ਕੁੱਝ ਸਮੇਂ ਬਾਅਦ ਉਸਨੂੰ ਘਟਨਾ ਸਥਾਨ 'ਤੇ ਮ੍ਰਿਤਕ ਐਲਾਨ ਦਿੱਤਾ ਗਿਆ। ਜਾਂਚਕਰਤਾਵਾਂ ਨੇ ਕਿਹਾ ਹੈ ਕਿ ਉਨ੍ਹਾਂ ਦਾ ਮੰਨਣਾ ਹੈ ਕਿ ਕਤਲ ਨੂੰ ਟਾਰਗਟ ਕਰਕੇ ਕੀਤਾ ਗਿਆ ਸੀ।

ਪੁਲਿਸ ਨੇ ਮੰਗਲਵਾਰ ਨੂੰ ਕਿਹਾ ਕਿ ਉਨ੍ਹਾਂ ਨੇ ਹੁਣ ਕਤਲ ਦੇ ਗ੍ਰਿਫ਼ਤਾਰ ਕਰ ਲਿਆ ਹੈ। ਉਨ੍ਹਾਂ ਨੇ ਕਿਹਾ ਕਿ ਟੋਰਾਂਟੋ ਦੇ 51 ਸਾਲਾ ਮੌਰਿਸੀਓ ਸੋਸਾ ਗੁਇਲੇਨ 'ਤੇ ਫ੍ਰਸਟ ਡਿਗਰੀ ਕਤਲ ਦਾ ਚਾਰਜਿਜ਼ ਲਗਾਇਆ ਗਿਆ ਹੈ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA
416-669-1423
www.purbahomes.com

# ਯੂਨੀਵਰਸਿਟੀ ’ਚ ਇਕੱਠੇ ਮਾਂ-ਬੇਟੀ ਦੀ ਜੋੜੀ ਕਰ ਰਹੀ ਪੜ੍ਹਾਈ

### ਮਾਂ ਕਰ ਰਹੀ ਮਾਸਟਰ ਆਫ ਐਜੂਕੇਸ਼ਨ ਤੇ ਬੇਟੀ ਮਨੋਵਿਗਿਆਨ ਦੀ ਵਿਦਿਆਰਥਣ



ਵਿੰਡਸਰ, 25 ਦਸੰਬਰ (ਪੋਸਟ ਬਿਊਰੋ): ਕਈ ਵਿਦਿਆਰਥੀਆਂ ਲਈ ਮਿਡਲ ਸਿੱਖਿਆ ਤੋਂ ਬਾਅਦ ਮਾਤਾ-ਪਿਤਾ ਤੋਂ ਅਜ਼ਾਦ ਹੋਣ ਦੇ ਮੌਕੇ ਦੇ ਰੂਪ ਵਿੱਚ ਵੇਖਿਆ ਜਾਂਦਾ ਹੈ। ਪਰ ਵਿੰਡਸਰ ਯੂਨੀਵਰਸਿਟੀ ਦੀ ਇੱਕ ਵਿਦਿਆਰਥਣ ਲਈ ਇਹ ਉਸਦੀ ਸਭਤੋਂ ਵੱਡੀ ਖੁਸ਼ੀ ਹੈ ਕਿ ਉਸਨੂੰ ਮਾਂ ਨਾਲ ਜ਼ਿਆਦਾ ਸਮਾਂ ਗੁਜ਼ਾਰਨ ਦਾ ਮੌਕਾ ਮਿਲਿਆ ਹੈ।

ਇਸਾਬੇਲਾ ਹਿਗਿਸਨ, ਇੱਕ 19 ਸਾਲਾ ਬਾਲ ਮਨੋਵਿਗਿਆਨ ਦੀ ਵਿਦਿਆਰਥਣ ਹੈ ਅਤੇ ਉਨ੍ਹਾਂ ਦੀ 42 ਸਾਲਾ ਮਾਂ ਏਲਿਸੀਆ, ਇੱਕ ਮਾਸਟਰ ਆਫ ਐਜੂਕੇਸ਼ਨ ਦੀ ਵਿਦਿਆਰਥਣ ਹੈ। ਦੋਵੇਂ ਇੱਕ ਹੀ ਕੰਪਲੈਕਸ ਵਿੱਚ ਆਪਣੀ ਪੜ੍ਹਾਈ ਦਾ ਸੁਪਨਾ ਪੂਰਾ ਕਰ ਰਗੀਆਂ ਹਨ। ਕ੍ਰਿਸਮਸ ਦੀਆਂ ਛੁੱਟੀਆਂ ਸ਼ੁਰੂ ਹੋਣ ਤੋਂ ਪਹਿਲਾਂ ਇਸਾਬੇਲਾ ਨੇ ਕਿਹਾ ਕਿ ਮੈਂ ਕਦੇ ਨਹੀਂ ਸੋਚਿਆ ਸੀ ਕਿ ਅਸੀਂ ਇਕੱਠੀਆਂ ਵਿਦਿਆਰਥੀ ਬਣਾਗੀਆਂ।

ਏਲਿਸੀਆ ਨੇ ਲਗਭਗ ਦੋ ਦਹਾਕੇ ਪਹਿਲਾਂ ਰਾਜਨੀਤੀ ਵਿਗਿਆਨ ਵਿੱਚ ਗ੍ਰੈਜੂਏਸ਼ਨ ਕੀਤੀ ਸੀ। ਉਨ੍ਹਾਂ ਨੇ 2021 ਵਿੱਚ ਐਜੂਕੇਸ਼ਨ ਵਿਚ ਮਾਸਟਰ ਡਿਗਰੀ ਕਰਨ ਲਈ ਫੈਸਲਾ ਕੀਤਾ।

ਇੱਕ ਸਾਲ ਬਾਅਦ ਉਨ੍ਹਾਂ ਦੀ ਬੇਟੀ ਨੇ ਆਪਣੀ ਯੂਨੀਵਰਸਿਟੀ ਯਾਤਰਾ ਸ਼ੁਰੂ ਕੀਤੀ। ਹਾਲਾਂਕਿ ਦੋਨਾਂ ਨੇ ਇੱਕ ਹੀ ਸਮੇਂ ਵਿੱਚ ਵਿਦਿਆਰਥੀ ਬਣਨ ਦੀ ਯੋਜਨਾ ਨਹੀਂ ਬਣਾਈ ਸੀ, ਪਰ ਉਨ੍ਹਾਂ ਨੇ ਇਸ ਅਨੁਭਵ ਨੂੰ ਅਪਨਾਇਆ ਹੈ। ਕਦੇ-ਕਦੇ ਇਕੱਠੇ ਲੰਚ ਦਾ ਆਨੰਦ ਲੈਂਦੀਆਂ ਹਨ ਅਤੇ ਕਲਾਸਾਂ ਬਾਰੇ ਗੱਲਾਂ ਸਾਂਝੀਆਂ ਕਰਦੀਆਂ ਹਨ।

ਲਈ ਕੈਂਪਸ ਵਿੱਚ ਆਪਣੀ ਮਾਂ ਦਾ ਹੋਣਾ ਇੱਕ ਅਸ਼ੀਰਵਾਦ ਵਾਂਗ ਰਿਹਾ ਹੈ। ਉਸ ਲਈ ਇਹ ਕਦੇ ਅਜੀਬ ਨਹੀਂ ਰਿਹਾ। ਅਸਲ ਵਿੱਚ ਬਹੁਤ ਜ਼ਿਆਦਾ ਮਦਦਗਾਰ ਰਿਹਾ ਹੈ। ਇਸਾਬੇਲਾ ਨੇ ਕਿਹਾ ਕਿ ਮੈਨੂੰ ਗੱਡੀ ਚਲਾਉਣਾ ਪਸੰਦ ਨਹੀਂ ਹੈ, ਇਸ ਲਈ ਜੇਕਰ ਉਹ ਘਰ ਜਾ ਰਹੇ ਹਨ, ਤਾਂ ਮੈਂ ਕਹਿ ਸਕਦੀ ਹਾਂ ਕਿ ਮੈਂ ਤੁਹਾਡੇ ਨਾਲ ਆ ਰਹੀ ਹਾਂ।

ਇਹ ਮਾਂ-ਬੇਟੀ ਦੀ ਜੋੜੀ ਇੱਕ ਉਦਾਹਰਣ ਹੈ ਕਿ ਕਿਵੇਂ ਪਰਿਵ-ਾਰਿਕ ਸੰਬੰਧਾਂ ਵਿਚ ਰਹਿਕੇ ਆਪਣੇ ਆਪ ਨੂੰ ਹੋਰ ਵਿਕਸਤ ਕੀਤਾ ਜਾ ਸਕਦਾ ਹੈ ਅਤੇ ਇਹ ਸਾਬਤ ਕਰਦਾ ਹੈ ਕਿ ਸਿੱਖਣਮ, ਪੜ੍ਹਾਈ ਕਰਨ ਅਤੇ ਵਿਅਕਤੀਗਤ ਵਿਕਾਸ ਦੀ ਕੋਈ ਉਮਰ ਦੀ ਸੀਮਾ ਨਹੀਂ ਹੁੰਦੀ।

# ਟੋਰਾਂਟੋ ਸ਼ਹਿਰ ’ਚ ਇੱਕ ਵਿਅਕਤੀ ’ਤੇ ਚਾਕੂ ਨਾਲ ਹਮਲਾ, ਮੁਲਜ਼ਮ ਕਾਬੂ



ਟੋਰਾਂਟੋ, 25 ਦਸੰਬਰ (ਪੋਸਟ ਬਿਊਰੋ): ਕ੍ਰਿਸਮਸ ਦੀ ਪੂਰਵਸੰਧਿਆ ਮੌਕੇ ਟੋਰਾਂਟੋ ਸ਼ਹਿਰ ਵਿੱਚ ਇੱਕ ਵਿਅਕਤੀ ’ਤੇ ਚਾਕੂ ਨਾਲ ਹਮਲਾ ਕੀਤਾ ਗਿਆ, ਜਿਸਤੋਂ ਬਾਅਦ ਉਸਨੂੰ ਹਸਪਤਾਲ ਲਿਜਾਇਆ ਗਿਆ।

ਇਹ ਘਟਨਾ ਬਾਥਰਸਟ ਸਟਰੀਟ ਦੇ ਪੂਰਵ ਵਿੱਚ ਫੋਰਟ ਯਾਰਕ ਬੁਲੇਵਾਰਡ ਅਤੇ ਕੁਵੀਂਸ ਵਹਾਰਫ ਕੋਲ ਹੋਈ। ਟੋਰਾਂਟੋ ਪੁਲਿਸ ਨੇ ਕਿਹਾ ਕਿ ਉਨ੍ਹਾਂ ਨੂੰ ਮੰਗਲਵਾਰ ਨੂੰ ਰਾਤ 9 ਵਜੇ ਦੇ ਲਗਭਗ ਉਸ ਇਲਾਕੇ ਵਿੱਚ ਬੁਲਾਇਆ ਗਿਆ ਸੀ।

ਉਨ੍ਹਾਂ ਨੇ ਕਿਹਾ ਕਿ ਘਟਨਾ ਸਥਾਨ ’ਤੇ ਅਧਿਕਾਰੀਆਂ ਨੂੰ 60 ਸਾਲਾ ਇੱਕ ਵਿਅਕਤੀ ਦੇ ਸਰੀਰ ’ਤੇ ਚਾਕੂ ਨਾਲ ਹਮਲਾ ਕੀਤਾ ਗਿਆ ਸੀ।

ਪੀੜਤ ਨੂੰ ਐਮਰਜੈਂਸੀ ਮਾਰਗ ਰਾਹੀਂ ਹਸਪਤਾਲ ਲਿਜਾਇਆ ਗਿਆ। ਪੁਲਿਸ ਨੇ ਦੱਸਿਆ ਕਿ ਉਹ ਖਤਰੇ ਤੋਂ ਬਾਹਰ ਹੈ।

ਟੋਰਾਂਟੋ ਪੁਲਿਸ ਨੇ ਇੱਕ ਐਕਸ ਪੋਸਟ ਵਿੱਚ ਕਿਹਾ ਕਿ ਉਨ੍ਹਾਂ ਨੇ ਚਾਕੂ ਨਾਲ ਹਮਲਾ ਕਰਨ ਦੇ ਮਾਮਲੇ ਵਿੱਚ ਇੱਕ 30 ਸਾਲਾ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ।

# ਪਾਕਿਸਤਾਨ ਨੇ ਅਫਗਾਨਿਸਤਾਨ ’ਚ ਕੀਤਾ ਹਵਾਈ ਹਮਲਾ, 46 ਮੌਤਾਂ



ਇਸਲਾਮਾਬਾਦ, 25 ਦਸੰਬਰ (ਪੋਸਟ ਬਿਊਰੋ): ਪਾਕਿਸਤਾਨ ਨੇ ਮੰਗਲਵਾਰ ਦੇਰ ਰਾਤ ਅਫਗਾਨਿਸਤਾਨ ਵਿੱਚ ਹਵਾਈ ਹਮਲੇ ਕਰਕੇ ਪਾਕਿਸਤਾਨੀ ਤਾਲਿਬਾਨ ਦੇ ਸ਼ੱਕੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ। ਇਹ ਹਮਲੇ ਪਾਕਿਸਤਾਨ ਦੀ ਸਰਹੱਦ ਨਾਲ ਲੱਗਦੇ ਅਫਗਾਨਿਸਤਾਨ ਦੇ ਪਕਤਿਕਾ ਸੂਬੇ ਦੇ ਪਹਾੜੀ ਇਲਾਕਿਆਂ 'ਚ ਕੀਤੇ ਗਏ। ਇਸ ਹਵਾਈ ਹਮਲੇ 'ਚ ਘੱਟੋ-ਘੱਟ 46 ਲੋਕ ਮਾਰੇ ਗਏ ਹਨ।

ਏਪੀ ਨੇ ਪਾਕਿਸਤਾਨੀ ਅਧਿਕਾਰੀਆਂ ਦੇ ਹਵਾਲੇ ਨਾਲ ਕਿਹਾ ਕਿ ਹਮਲੇ ਵਿੱਚ ਪਾਕਿਸਤਾਨੀ ਤਾਲਿਬਾਨ ਯਾਨੀ ਤਹਿਰੀਕ-ਏ-ਤਾਲਿਬਾਨ ਪਾਕਿਸਤਾਨ (ਟੀਟੀਪੀ) ਦਾ ਸਿਖਲਾਈ ਕੇਂਦਰ ਤਬਾਹ ਹੋ ਗਿਆ ਹੈ। ਅਧਿਕਾਰੀਆਂ ਨੇ ਕਈ ਅੱਤਵਾਦੀਆਂ ਦੇ ਮਾਰੇ ਜਾਣ ਦਾ ਦਾਅਵਾ ਕੀਤਾ ਹੈ।

ਹਾਲਾਂਕਿ, ਇਹ ਸਪੱਸ਼ਟ ਨਹੀਂ ਹੈ ਕਿ ਪਾਕਿਸਤਾਨੀ ਜਹਾਜ਼ ਅਫਗਾਨਿਸਤਾਨ ਵਿੱਚ ਕਿੰਨੀ ਦੂਰ ਤੱਕ ਗਏ ਅਤੇ ਉਨ੍ਹਾਂ ਨੇ ਹਮਲੇ ਕਿਵੇਂ ਕੀਤੇ। ਇਸ ਸਾਲ ਇਹ ਦੂਜੀ ਵਾਰ ਹੈ ਜਦੋਂ ਪਾਕਿਸਤਾਨ ਨੇ ਅਫਗਾਨਿਸਤਾਨ ਵਿੱਚ ਹਵਾਈ ਹਮਲਾ ਕੀਤਾ ਹੈ।

ਅਫਗਾਨਿਸਤਾਨ ਦੇ ਰੱਖਿਆ ਮੰਤਰਾਲੇ ਨੇ ਪਾਕਿਸਤਾਨੀ ਹਵਾਈ ਹਮਲੇ ਦੀ ਨਿੰਦਾ ਕੀਤੀ ਹੈ। ਕਾਬੁਲ ਨੇ ਦੋਸ਼ ਲਾਇਆ ਕਿ ਬੰਬ ਧਮਾਕੇ ਵਿੱਚ ਔਰਤਾਂ ਅਤੇ ਬੱਚਿਆਂ ਸਮੇਤ ਆਮ ਨਾਗਰਿਕਾਂ ਨੂੰ ਨਿਸ਼ਾਨਾ ਬਣਾਇਆ ਗਿਆ। ਅਫਗਾਨਿਸਤਾਨ ਨੇ ਇਸ ਨੂੰ ਅੰਤਰਰਾਸ਼ਟਰੀ ਨਿਯਮਾਂ ਦੀ ਉਲੰਘਣਾ ਦੱਸਿਆ ਹੈ।

ਅਫਗਾਨ ਰੱਖਿਆ ਮੰਤਰਾਲੇ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਪੋਸਟ ਕਰਕੇ ਆਪਣੀ ਨਾਰਾਜ਼ਗੀ ਜ਼ਾਹਿਰ ਕੀਤੀ। ਮੰਤਰਾਲੇ ਨੇ ਲਿਖਿਆ ਕਿ ਅਜਿਹੇ ਇਕਪਾਸੜ ਕਦਮ ਕਿਸੇ ਸਮੱਸਿਆ ਦਾ ਹੱਲ ਨਹੀਂ ਹਨ। ਅਫਗਾਨਿਸਤਾਨ ਨੇ ਕਿਹਾ ਕਿ ਉਹ ਹਵਾਈ ਹਮਲੇ ਦਾ ਜਵਾਬ ਦਿੱਤਾ ਜਾਵੇਗਾ।

# ਬਲਾਤਕਾਰੀਆਂ ਅਤੇ ਕਾਤਲਾਂ ਨੂੰ ਮੌਤ ਦੀ ਸਜ਼ਾ ਜਾਰੀ ਰਹੇਗੀ : ਟਰੰਪ

### ਕਿਹਾ- ਕਾਨੂੰਨ ਵਿਵਸਥਾ ਨੂੰ ਫਿਰ ਤੋਂ ਮਜ਼ਬੂਤ ਕਰਾਂਗੇ



ਵਾਸ਼ਿੰਗਟਨ, 25 ਦਸੰਬਰ (ਪੋਸਟ ਬਿਊਰੋ): ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਨੇ ਸੋਮਵਾਰ ਨੂੰ 37 ਲੋਕਾਂ ਦੀ ਮੌਤ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲ ਦਿੱਤਾ। ਡੋਨਾਲਡ ਟਰੰਪ ਨੂੰ ਉਨ੍ਹਾਂ ਦਾ ਇਹ ਫੈਸਲਾ ਪਸੰਦ ਨਹੀਂ ਆਇਆ। ਉਨ੍ਹਾਂ ਨੇ ਇਸ ਫੈਸਲੇ ਦਾ ਵਿਰੋਧ ਕਰਦਿਆਂ ਕਿਹਾ ਕਿ ਮੈਂ ਸਹੁੰ ਚੁੱਕਦਿਆਂ ਹੀ ਨਿਆਂ ਵਿਭਾਗ ਨੂੰ ਹੁਕਮ ਦੇਵਾਂਗਾ ਕਿ ਉਹ ਅਮਰੀਕੀ ਪਰਿਵਾਰਾਂ ਨੂੰ ਬਲਾਤਕਾਰੀਆਂ, ਕਾਤਲਾਂ ਅਤੇ ਜ਼ਾਲਮਾਂ ਤੋਂ ਬਚਾਉਣ ਲਈ ਮੌਤ ਦੀ ਸਜ਼ਾ ਦੇਣਾ ਜਾਰੀ ਰੱਖੇ। ਅਸੀਂ ਦੇਸ਼ ਵਿੱਚ ਫਿਰ ਤੋਂ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕਰਾਂਗੇ।

ਦੱਸ ਦੇਈਏ ਕਿ ਰਾਸ਼ਟਰਪਤੀ ਜੋਅ ਬਾਇਡਨ ਨੇ ਮੌਤ ਦੀ ਸਜ਼ਾ 'ਤੇ ਰੋਕ ਲਗਾ ਦਿੱਤੀ ਸੀ। ਹਾਲਾਂਕਿ ਟਰੰਪ ਨੇ ਕਿਹਾ ਹੈ ਕਿ ਇਹ ਸਜ਼ਾ ਫਿਰ ਤੋਂ ਸ਼ੁਰੂ ਕੀਤੀ ਜਾਵੇਗੀ।

ਅਮਰੀਕਾ ਵਿੱਚ, ਰਾਸ਼ਟਰਪਤੀ ਅਕਸਰ ਆਪਣੇ ਕਾਰਜਕਾਲ ਦੇ ਅੰਤ ਤੋਂ ਪਹਿਲਾਂ ਕੁਝ ਲੋਕਾਂ ਦੀ ਸਜ਼ਾ ਨੂੰ ਘਟਾਉਣ ਜਾਂ ਮੁਆਫ ਕਰਨ ਲਈ ਵਿਸ਼ੇਸ਼ ਸ਼ਕਤੀ ਦੀ ਵਰਤੋਂ ਕਰਦੇ ਹਨ। ਬਾਇਡਨ ਨੇ ਇਨ੍ਹਾਂ ਸ਼ਕਤੀਆਂ ਦੀ ਵਰਤੋਂ 37 ਲੋਕਾਂ ਦੀ ਸਜ਼ਾ ਘਟਾਉਣ ਲਈ ਵੀ ਕੀਤੀ ਸੀ। ਇੱਕ ਵਾਰ ਰਾਸ਼ਟਰਪਤੀ ਕਿਸੇ ਦੀ ਸਜ਼ਾ ਨੂੰ ਘਟਾ ਦਿੰਦਾ ਹੈ ਜਾਂ ਮੁਆਫ਼ ਕਰ ਦਿੰਦਾ ਹੈ, ਇਸ ਨੂੰ ਬਦਲਿਆ ਨਹੀਂ ਜਾ ਸਕਦਾ।

ਟਰੰਪ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਲਿਖਿਆ ਕਿ ਇਨ੍ਹਾਂ ਦੋਸ਼ੀਆਂ ਦੇ ਕਾਰਨਾਮੇ ਸੁਣਨ ਤੋਂ ਬਾਅਦ ਵਿਸ਼ਵਾਸ ਨਹੀਂ ਕੀਤਾ ਜਾਵੇਗਾ ਕਿ ਉਨ੍ਹਾਂ ਨੇ ਅਜਿਹਾ ਕੀਤਾ ਹੈ। ਬਾਇਡਨ ਪ੍ਰਸ਼ਾਸਨ ਦੇ ਇਸ ਫੈਸਲੇ ਤੋਂ ਮ੍ਰਿਤਕਾਂ ਦੇ ਪਰਿਵਾਰ ਦੁਖੀ ਹਨ। ਉਹ ਇਸ 'ਤੇ ਵਿਸ਼ਵਾਸ ਨਹੀਂ ਕਰ ਸਕਦੇ।

ਵ੍ਹਾਈਟ ਹਾਊਸ ਨੇ ਇਸ ਮਾਮਲੇ ਨੂੰ ਲੈ ਕੇ ਕਿਹਾ ਸੀ ਕਿ ਰਾਸ਼ਟਰਪਤੀ ਬਾਇਡਨ ਸਿਰਫ ਅੱਤਵਾਦ ਅਤੇ ਨਫਰਤ ਨਾਲ ਜੁੜੇ ਸਮੂਹਿਕ ਕਤਲ ਲਈ ਮੌਤ ਦੀ ਸਜ਼ਾ ਦਾ ਸਮਰਥਨ ਕਰਦੇ ਹਨ। ਬਾਇਡਨ ਵੱਲੋਂ ਜਾਰੀ ਬਿਆਨ 'ਚ ਇਹ ਵੀ ਕਿਹਾ ਗਿਆ ਕਿ ਅਸੀਂ ਨੁਕਸਾਨ ਝੱਲਣ ਵਾਲੇ ਪੀੜਤ ਪਰਿਵਾਰਾਂ ਦੇ ਪ੍ਰਤੀ ਸੰਵੇਦਨਾ ਪ੍ਰਗਟ ਕਰਦੇ ਹਾਂ ਪਰ ਹੁਣ ਅਸੀਂ ਇਸ ਫੈਸਲੇ ਤੋਂ ਪਿੱਛੇ ਨਹੀਂ ਹਟ ਸਕਦੇ।

# ਬੰਗਲਾਦੇਸ਼ ਨੇ ਪਾਕਿਸਤਾਨ ਦੀ ਫੌਜ ਨੂੰ ਟ੍ਰੇਨਿੰਗ ਲਈ ਬੁਲਾਇਆ, 53 ਸਾਲ ਬਾਅਦ ਢਾਕਾ ਜਾਣਗੇ ਪਾਕਿ ਫੌਜੀ



ਢਾਕਾ, 25 ਦਸੰਬਰ (ਪੋਸਟ ਬਿਊਰੋ): ਬੰਗਲਾਦੇਸ਼ ਨੇ ਪਾਕਿਸਤਾਨੀ ਫੌਜ ਦੀ ਟੀਮ ਨੂੰ ਆਪਣੇ ਫੌਜੀਆਂ ਨੂੰ ਸਿਖਲਾਈ ਦੇਣ ਲਈ ਬੁਲਾਇਆ ਹੈ। 1971 ਦੀ ਭਾਰਤ-ਪਾਕਿ ਜੰਗ 'ਚ ਕਰਾਰੀ ਹਾਰ ਦੇ 53 ਸਾਲ ਬਾਅਦ ਪਾਕਿਸਤਾਨੀ ਫੌਜ ਇਕ ਵਾਰ ਫਿਰ ਬੰਗਲਾਦੇਸ਼ ਦੀ ਧਰਤੀ 'ਤੇ ਪੈਰ ਰੱਖੇਗੀ। ਪਾਕਿ ਸੈਨਾ ਦੇ ਇੱਕ ਮੇਜਰ ਜਨਰਲ ਰੈਂਕ ਦੇ ਅਧਿਕਾਰੀ ਦੀ ਅਗਵਾਈ ਵਿੱਚ ਇੱਕ ਵਿਸ਼ੇਸ਼ ਟੀਮ ਬੰਗਲਾਦੇਸ਼ੀ ਸੈਨਾ ਨੂੰ ਸਿਖਲਾਈ ਦੇਵੇਗੀ।

ਜਾਣਕਾਰੀ ਮੁਤਾਬਕ ਇਹ ਟ੍ਰੇਨਿੰਗ ਅਗਲੇ ਸਾਲ ਫਰਵਰੀ 'ਚ ਸ਼ੁਰੂ ਹੋਵੇਗੀ। ਸਿਖਲਾਈ ਦਾ ਪਹਿਲਾ ਪੜਾਅ ਮੇਮੇਨਸ਼ਾਹੀ ਛਾਉਣੀ ਵਿੱਚ ਆਰਮੀ ਟ੍ਰੇਨਿੰਗ ਐਂਡ ਡਾਕੀਟ੍ਰਨ ਕਮਾਂਡ (ਏ.ਟੀ.ਡੀ.ਸੀ.) ਹੈੱਡਕੁਆਰਟਰ ਵਿਖੇ ਆਯੋਜਿਤ ਕੀਤਾ ਜਾਵੇਗਾ। ਸਿਖਲਾਈ ਦਾ ਇਹ ਪਹਿਲਾ ਪੜਾਅ ਇੱਕ ਸਾਲ ਤੱਕ ਚੱਲੇਗਾ। ਇਸ ਤੋਂ ਬਾਅਦ ਪਾਕਿ ਆਰਮੀ ਬੰਗਲਾਦੇਸ਼ ਫੌਜ ਦੀਆਂ ਸਾਰੀਆਂ 10 ਕਮਾਂਡਾਂ ਵਿੱਚ ਸਿਖਲਾਈ ਵੀ ਦੇਵੇਗੀ।

ਸਿਖਲਾਈ ਲਈ ਪਾਕਿਸਤਾਨੀ ਫ਼ੌਜ ਦੀ ਜੁਆਇੰਟ ਚੀਫ਼ ਆਫ਼ ਸਟਾਫ਼ ਕਮੇਟੀ ਦੇ ਚੇਅਰਮੈਨ ਜਨਰਲ ਸਾਹਿਰ ਸ਼ਮਸ਼ਾਦ ਮਿਰਜ਼ਾ ਨੇ ਨਵੰਬਰ ਵਿੱਚ ਬੰਗਲਾਦੇਸ਼ ਨੂੰ ਸਿਖਲਾਈ ਦਾ ਪ੍ਰਸਤਾਵ ਭੇਜਿਆ ਸੀ। ਇਸ ਪ੍ਰਸਤਾਵ ਨੂੰ ਬੰਗਲਾਦੇਸ਼ ਦੇ ਫੌਜ ਮੁਖੀ ਜਨਰਲ ਵਕਾਰ-ਉਜ਼-ਜ਼ਮਾਨ ਨੇ ਸਵੀਕਾਰ ਕਰ ਲਿਆ ਸੀ। ਇਸ ਤੋਂ ਬਾਅਦ ਜਨਰਲ ਵਕਾਰ ਨੇ ਪਾਕਿਸਤਾਨੀ ਫੌਜ ਨੂੰ ਸਿਖਲਾਈ ਲਈ ਰਸਮੀ ਸੱਦਾ ਦਿੱਤਾ ਹੈ।


Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਕਰਜ਼ੇ ਦੀ ਸਿਰਦਰਦੀ ?
www.MakeMeDebtFree.ca
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available
1888 864 3131
Jasbir Singh Hundal
Qualified Credit Counsellor
416-502-3100
Unit #20 - 7015 Tranmere Drive Mississauga, ON L5S 1T7



TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9



Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598



Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients



Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net



MagGas Medical Brampton
MGM
MagGas Medical Inc.
Helping you breathe deep and rest easy.
• CPAP ਮਸ਼ੀਨ, ਮਾਸਕ ਅਤੇ ਸਪਲਾਈ
• ਮੁਫ਼ਤ ਸਲਾਹ
• ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
• ਓਨਟਾਰੀਓ ਵਰਕਸ ਲਈ ਮੁਫ਼ਤ
• ਮੁਫ਼ਤ ਡਿਲੀਵਰੀ
(647) 954-9885
20 Maritime Ont Blvd
Unit 15
Brampton, ON L6S 0C2



ਨਵਾਂ ਘਾਹ ਲਵਾਉ | 647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ



ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com



SherGill Law Firm
Barrister, Solicitor & Notary Public
Services:
*Real Estate
*Residential, Commercial & Franchise
*Criminal Law
*Family Law
*Affidavit, Power Of Attorney & Notarization
*Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਦਿੱਲੀ ਸਰਕਾਰ ਨੇ ਖੁਦ ਹੀ ਕਿਹਾ- ਮੁਫ਼ਤ ਇਲਾਜ, ਔਰਤਾਂ ਨੂੰ 2100 ਰੁਪਏ ਦੇਣ ਦੀ ਕੋਈ ਸਕੀਮ ਨਹੀਂ

## ਕੇਜਰੀਵਾਲ ਨੇ ਕੀਤੇ ਸਨ ਐਲਾਨ



ਨਵੀਂ ਦਿੱਲੀ, 25 ਦਸੰਬਰ (ਪੋਸਟ ਬਿਊਰੋ): ਦਿੱਲੀ ਸਰਕਾਰ ਨੇ ਅਰਵਿੰਦ ਕੇਜਰੀਵਾਲ ਦੇ ਦੋ ਵੱਡੇ ਚੋਣ ਐਲਾਨਾਂ 'ਤੇ ਰੋਕ ਲਗਾ ਦਿੱਤੀ ਹੈ। ਸਰਕਾਰ ਦੇ ਦੋ ਵਿਭਾਗਾਂ ਨੇ ਬੁੱਧਵਾਰ ਨੂੰ ਅਖ਼ਬਾਰਾਂ 'ਚ ਇਸ਼ਤਿਹਾਰ ਛਾਪ ਕੇ ਕਿਹਾ ਕਿ ਸੂਬੇ 'ਚ ਮਹਿਲਾ ਸਨਮਾਨ ਅਤੇ ਸੰਜੀਵਨੀ ਵਰਗੀ ਕੋਈ ਯੋਜਨਾ ਨਹੀਂ ਹੈ।

ਇਸਤਰੀ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਮਹਿਲਾ ਸਨਮਾਨ ਯੋਜਨਾ ਸਬੰਧੀ ਪਹਿਲਾ ਇਸ਼ਤਿਹਾਰ ਜਾਰੀ ਕੀਤਾ ਗਿਆ ਹੈ। ਇਸ ਵਿਚ ਕਿਹਾ ਗਿਆ ਹੈ ਕਿ ਦਿੱਲੀ ਸਰਕਾਰ ਨੇ ਅਜਿਹਾ ਕੋਈ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਹੈ।

ਦੂਜਾ ਇਸ਼ਤਿਹਾਰ ਦਿੱਲੀ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਸੰਜੀਵਨੀ ਸਕੀਮ ਸਬੰਧੀ ਜਾਰੀ ਕੀਤਾ ਗਿਆ। ਕਿਹਾ ਗਿਆ ਹੈ ਕਿ ਸਰਕਾਰ ਅਜਿਹੀ ਕੋਈ ਯੋਜਨਾ ਨਹੀਂ ਚਲਾ ਰਹੀ ਹੈ। ਲੋਕਾਂ ਨੂੰ ਕਾਰਡ ਬਣਾਉਣ ਦੇ ਨਾਂ 'ਤੇ ਨਿੱਜੀ ਜਾਣਕਾਰੀ ਨਾ ਦੇਣ ਦੀ ਸਲਾਹ ਦਿੱਤੀ ਗਈ ਹੈ।

ਇਸ ਮਾਮਲੇ ਦੇ ਸਾਹਮਣੇ ਆਉਣ ਤੋਂ ਬਾਅਦ ਕੇਜਰੀਵਾਲ ਨੇ ਪ੍ਰੈੱਸ ਕਾਨਫਰੰਸ ਕਰਕੇ ਦਿੱਲੀ ਦੇ ਐੱਲਜੀ ਨੂੰ ਇਸ ਲਈ ਜ਼ਿੰਮੇਵਾਰ ਠਹਿਰਾਇਆ। ਉੱਥੇ ਹੀ ਮੁੱਖ ਮੰਤਰੀ ਆਤਿਸ਼ੀ ਨੇ ਕਿਹਾ ਕਿ ਉਹ ਅਖਬਾਰਾਂ ਵਿੱਚ ਇਸ਼ਤਿਹਾਰ ਦੇਣ ਵਾਲੇ ਅਫਸਰਾਂ ਖਿਲਾਫ ਕਾਰਵਾਈ ਕਰਨਗੇ।

ਦੋਵੇਂ ਯੋਜਨਾਵਾਂ, ਜਿਨ੍ਹਾਂ ਦਾ ਐਲਾਨ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕੀਤਾ ਸੀ। ਮਹਿਲਾ ਸਨਮਾਨ ਯੋਜਨਾ - 18 ਸਾਲ ਤੋਂ ਵੱਧ ਉਮਰ ਦੀਆਂ ਸਾਰੀਆਂ ਔਰਤਾਂ ਨੂੰ ਹਰ ਮਹੀਨੇ 1000 ਰੁਪਏ ਦਿੱਤੇ ਜਾਣਗੇ। ਚੋਣਾਂ ਤੋਂ ਬਾਅਦ ਇਹ ਰਕਮ ਵਧਾ ਕੇ 2100 ਰੁਪਏ ਕਰ ਦਿੱਤੀ ਜਾਵੇਗੀ। ਸੰਜੀਵਨੀ ਯੋਜਨਾ ਅਨੁਸਾਰ ਸਰਕਾਰੀ ਜਾਂ ਪ੍ਰਾਈਵੇਟ ਹਸਪਤਾਲਾਂ ਵਿੱਚ 60 ਸਾਲ ਤੋਂ ਵੱਧ ਉਮਰ ਦੇ ਸਾਰੇ ਲੋਕਾਂ ਦਾ ਮੁਫ਼ਤ ਇਲਾਜ ਬਾਰੇ ਐਲਾਨ ਕੀਤਾ ਗਿਆ ਸੀ।

# ਅਜ਼ਰਬੈਜਾਨ ਤੋਂ ਰੂਸ ਜਾ ਰਿਹਾ ਜਹਾਜ਼ ਕਜ਼ਾਕਿਸਤਾਨ 'ਚ ਹੋਇਆ ਹਾਦਸਾਗ੍ਰਸਤ, 39 ਲੋਕਾਂ ਦੀ ਮੌਤ ਦਾ ਖਦਸ਼ਾ

ਅਸਤਾਨਾ, 25 ਦਸੰਬਰ (ਪੋਸਟ ਬਿਊਰੋ): ਕਜ਼ਾਕਿਸਤਾਨ ਦੇ ਅਕਤਾਉ ਵਿੱਚ ਬੁੱਧਵਾਰ ਸਵੇਰੇ ਇੱਕ ਯਾਤਰੀ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਜਾਣਕਾਰੀ ਮੁਤਾਬਕ ਜਹਾਜ਼ ਵਿੱਚ 62 ਯਾਤਰੀ ਅਤੇ 5 ਕਰੂ ਮੈਂਬਰ ਸਵਾਰ ਸਨ। ਇਨ੍ਹਾਂ ਵਿੱਚੋਂ 28 ਲੋਕਾਂ ਨੂੰ ਬਚਾ ਲਿਆ ਗਿਆ ਹੈ। 22 ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਜ਼ਖ਼ਮੀਆਂ ਵਿੱਚ ਦੋ ਬੱਚੇ ਵੀ ਸ਼ਾਮਿਲ ਹਨ, ਜਿਨ੍ਹਾਂ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ।



ਇਸ ਹਾਦਸੇ 'ਚ 39 ਲੋਕਾਂ ਦੇ ਮਾਰੇ ਜਾਣ ਦਾ ਖਦਸ਼ਾ ਹੈ। ਇਹ ਜਹਾਜ਼ ਅਜ਼ਰਬੈਜਾਨ ਤੋਂ ਰੂਸ ਦੇ ਚੇਚਨਿਆ ਸੂਬੇ ਦੀ ਰਾਜਧਾਨੀ ਗਰੋਜ਼ਨੀ ਜਾ ਰਿਹਾ ਸੀ, ਪਰ ਕਜ਼ਾਖ ਸ਼ਹਿਰ ਅਕਤਾਊ ਤੋਂ ਲਗਭਗ 3 ਕਿਲੋਮੀਟਰ ਦੂਰ ਐਮਰਜੈਂਸੀ ਲੈਂਡਿੰਗ ਕਰਨੀ ਪਈ।

ਜਾਣਕਾਰੀ ਮੁਤਾਬਕ ਸੰਘਣੀ ਧੁੰਦ ਕਾਰਨ ਫਲਾਈਟ ਦਾ ਰੂਟ ਬਦਲਿਆ ਗਿਆ। ਜਹਾਜ਼ ਨੇ ਕਰੈਸ਼ ਹੋਣ ਤੋਂ ਪਹਿਲਾਂ ਹਵਾਈ ਅੱਡੇ ਦੇ ਕਈ ਚੱਕਰ ਲਗਾਏ ਸਨ। ਪਾਇਲਟ ਨੇ ਐਮਰਜੈਂਸੀ ਲੈਂਡਿੰਗ ਦੀ ਇਜਾਜ਼ਤ ਵੀ ਮੰਗੀ ਸੀ।

ਹਾਲਾਂਕਿ ਬਾਅਦ 'ਚ ਉਸ ਨੂੰ ਏਅਰਪੋਰਟ ਨੇੜੇ ਬੀਚ 'ਤੇ ਐਮਰਜੈਂਸੀ ਲੈਂਡਿੰਗ ਕਰਵਾਉਣ ਲਈ ਮਜਬੂਰ ਕੀਤਾ ਗਿਆ। ਹਾਦਸਾਗ੍ਰਸਤ ਹੋਇਆ ਜਹਾਜ਼ ਅਜ਼ਰਬਾਈਜਾਨ ਏਅਰਲਾਈਨਜ਼ ਦਾ ਐਮਬ੍ਰੇਅਰ 190 ਮਾਡਲ ਸੀ। ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਵੀਡੀਓ 'ਚ ਦੇਖਿਆ ਜਾ ਰਿਹਾ ਹੈ ਕਿ ਜਹਾਜ਼ ਦੇ ਕਰੈਸ਼ ਹੁੰਦੇ ਹੀ ਅੱਗ ਲੱਗ ਗਈ।

ਕਜ਼ਾਕਿਸਤਾਨ ਦੇ ਟਰਾਂਸਪੋਰਟ ਮੰਤਰਾਲੇ ਦਾ ਕਹਿਣਾ ਹੈ ਕਿ ਉਹ ਇਸ ਹਾਦਸੇ ਦੀ ਵਿਸ਼ੇਸ਼ ਜਾਂਚ ਕਰਨਗੇ। ਕਰੈਸ਼ ਦਾ ਕਾਰਨ ਤਕਨੀਕੀ ਸਮੱਸਿਆ ਵੀ ਹੋ ਸਕਦੀ ਹੈ। ਰੂਸੀ ਮੀਡੀਆ ਰਿਪੋਰਟਾਂ ਮੁਤਾਬਕ ਇਹ ਹਾਦਸਾ ਪੰਛੀਆਂ ਦੇ ਝੁੰਡ ਨਾਲ ਟਕਰਾਉਣ ਕਾਰਨ ਵਾਪਰਿਆ। ਕਜ਼ਾਕਿਸਤਾਨ ਦੇ ਐਮਰਜੈਂਸੀ ਮੰਤਰਾਲੇ ਅਨੁਸਾਰ, ਕੁੱਲ 52 ਬਚਾਅ ਟੀਮਾਂ ਅਤੇ 11 ਬਚਾਅ ਉਪਕਰਨਾਂ ਨੂੰ ਹਾਦਸੇ ਵਾਲੀ ਥਾਂ 'ਤੇ ਭੇਜਿਆ ਗਿਆ ਹੈ।

# ਸੰਸਦ ਭਵਨ ਸਾਹਮਣੇ ਵਿਅਕਤੀ ਨੇ ਲਾਈ ਖੁਦ ਨੂੰ ਅੱਗ

## ਗੰਭੀਰ ਹਾਲਤ 'ਚ ਹਸਪਤਾਲ ਦਾਖਲ



ਨਵੀਂ ਦਿੱਲੀ, 25 ਦਸੰਬਰ (ਪੋਸਟ ਬਿਊਰੋ): ਨਵੀਂ ਦਿੱਲੀ ਦਿੱਲੀ 'ਚ ਨਵੇਂ ਸੰਸਦ ਭਵਨ ਨੇੜੇ ਰੇਲਵੇ ਬਿਲਡਿੰਗ ਸਾਹਮਣੇ ਬੁੱਧਵਾਰ ਦੁਪਹਿਰ ਨੂੰ ਇਕ ਵਿਅਕਤੀ ਨੇ ਖੁਦ ਨੂੰ ਅੱਗ ਲਗਾ ਕੇ ਖੁਦਕੁਸ਼ੀ ਕਰਨ ਦੀ ਕੋਸ਼ਿਸ਼ ਕੀਤੀ। ਘਟਨਾ 'ਚ ਨੌਜਵਾਨ ਗੰਭੀਰ ਰੂਪ 'ਚ ਝੁਲਸ ਗਿਆ।

ਦਿੱਲੀ ਫਾਇਰ ਸਰਵਿਸ (ਡੀਐੱਫਐੱਸ) ਦੇ ਇੱਕ ਅਧਿਕਾਰੀ ਅਨੁਸਾਰ, ਕਾਲ ਦੁਪਹਿਰ 3:35 ਵਜੇ ਆਈ। ਇਸ ਵਿੱਚ ਨੌਜਵਾਨ ਵੱਲੋਂ ਅੱਗ ਲਾਉਣ ਦੀ ਗੱਲ ਚੱਲੀ। ਇਸ 'ਤੇ ਅਸੀਂ ਇਕ ਵਾਹਨ ਨੂੰ ਮੌਕੇ 'ਤੇ ਭੇਜਿਆ।

ਅਧਿਕਾਰੀ ਨੇ ਦੱਸਿਆ ਕਿ ਸੰਸਦ ਦੀ ਸੁਰੱਖਿਆ ਲਈ ਤਾਇਨਾਤ ਕਰਮਚਾਰੀਆਂ ਨੇ ਵਿਅਕਤੀ ਨੂੰ ਰਾਮ ਮਨੋਹਰ ਲੋਹੀਆ (ਆਰ.ਐੱਮ.ਐੱਲ.) ਹਸਪਤਾਲ 'ਚ ਦਾਖਲ ਕਰਵਾਇਆ। ਉਸ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ।

ਸੂਚਨਾ ਮਿਲਣ 'ਤੇ ਪੁਲਸ ਮੌਕੇ 'ਤੇ ਪਹੁੰਚੀ ਅਤੇ ਮੌਕੇ ਤੋਂ ਅੱਧਾ ਸੜਿਆ 2 ਪੰਨਿਆਂ ਦਾ ਸੁਸਾਈਡ ਨੋਟ, ਪੈਟਰੋਲ, ਸੜਿਆ ਹੋਇਆ ਬੈਗ ਅਤੇ ਜੁੱਤੇ ਬਰਾਮਦ ਕੀਤੇ। ਜਿਸ ਥਾਂ 'ਤੇ ਨੌਜਵਾਨ ਨੇ ਖੁਦ ਨੂੰ ਅੱਗ ਲਗਾਈ, ਉਸ ਥਾਂ 'ਤੇ ਬੈਰੀਕੇਡਿੰਗ ਕੀਤੀ ਗਈ ਹੈ। ਫਿਲਹਾਲ ਨੌਜਵਾਨ ਦੀ ਜਾਣਕਾਰੀ ਸਾਹਮਣੇ ਨਹੀਂ ਆਈ ਹੈ।

# ਪੰਜਾਬ ਸਰਕਾਰ ਵੱਲੋਂ ਐਡੀਸ਼ਨਲ ਐਡਵੋਕੇਟ ਜਨਰਲ ਮਨਿੰਦਰਜੀਤ ਸਿੰਘ ਬੇਦੀ ਨੂੰ ਐਡਮਿਨਸਟਰੇਟਰ ਜਨਰਲ ਅਤੇ ਆਫੀਸ਼ੀਅਲ ਟਰੱਸਟੀ ਦਾ ਵਾਧੂ ਚਾਰਜ



ਚੰਡੀਗੜ, 25 ਦਸੰਬਰ (ਪੋਸਟ ਬਿਊਰੋ): ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਵੱਲੋਂ ਅਡੀਸ਼ਨਲ ਐਡਵੋਕੇਟ ਜਨਰਲ ਮਨਿੰਦਰਜੀਤ ਸਿੰਘ ਬੇਦੀ ਨੂੰ ਐਡਮਿਨਸਟਰੇਟਰ ਜਨਰਲ ਅਤੇ ਆਫੀਸ਼ੀਅਲ ਟਰੱਸਟੀ ਦਾ ਵਾਧੂ ਚਾਰਜ ਦਿੱਤਾ ਗਿਆ।

ਇਸ ਸਬੰਧੀ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ (ਜੁਡੀਸ਼ਅਲ ਬ੍ਰਾਂਚ-1) ਵੱਲੋਂ ਨੋਟੀਫਿਕੇਸ਼ਨ ਜਾਰੀ ਕਰਕੇ ਅਡੀਸ਼ਨਲ ਐਡਵੋਕੇਟ ਜਨਰਲ ਮਨਿੰਦਰਜੀਤ ਸਿੰਘ ਬੇਦੀ ਨੂੰ ਐਡਮਿਨਸਟਰੇਟਰ ਜਨਰਲ ਅਤੇ ਆਫੀਸ਼ੀਅਲ ਟਰੱਸਟੀ ਦਾ ਵਾਧੂ ਚਾਰਜ ਦਿੱਤਾ ਗਿਆ ਹੈ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well Settled Ramgarhia Family in Winnipeg looking for a suitable match for their son,34 years old,5-10"tall, cleanshave, Canadian Citizen. Call at 204-510-7658 for more info.

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com




## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4", ਬੀ.ਏ ਪਾਸ, ਹੇਅਰ ਐਂਡ ਸਕਿੰਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਸੈਲ ਐਂਡ ਫਿਕਸ



ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਖੇਡਾਂ ਦੇ ਖੇਤਰ ਵਿੱਚ ਪੰਜਾਬ ਦੇ ਨਾਮ ਰਿਹਾ ਸਾਲ 2024

*ਮੁੱਖ ਮੰਤਰੀ ਦੀ ਅਗਵਾਈ 'ਚ ਪੰਜਾਬ ਨੇ ਖੇਡਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਕੀਤੀਆਂ *ਮੁੱਖ ਮੰਤਰੀ ਨੇ ਪੰਜਾਬ ਵਿੱਚ ਖਿਡਾਰੀਆਂ ਨੂੰ ਮੁਕਾਬਲੇ ਦੀ ਤਿਆਰੀ ਲਈ ਅਗਾਊਂ ਰਾਸ਼ੀ ਦਾ ਉਪਰਾਲਾ ਸ਼ੁਰੂ ਕੀਤਾ



ਚੰਡੀਗੜ੍ਹ, 25 ਦਸੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਖੇਡਾਂ ਦੇ ਖੇਤਰ ਵਿੱਚ ਕੀਤੇ ਉਪਰਾਲਿਆਂ ਸਦਕਾ ਦੇਸ਼ ਭਰ ਵਿੱਚੋਂ ਸਾਲ 2024 ਸੂਬੇ ਦੇ ਨਾਮ ਰਿਹਾ ਹੈ।

ਇਹ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਦਫ਼ਤਰ ਦੇ ਇਕ ਬੁਲਾਰੇ ਨੇ ਦੱਸਿਆ ਕਿ ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਦੇਸ਼ ਦਾ ਨੰਬਰ ਇਕ ਸੂਬਾ ਬਣਾਉਣ ਅਤੇ ਸੂਬੇ ਵਿੱਚ ਖੇਡ ਸੱਭਿਆਚਾਰ ਪੈਦਾ ਕਰਨ ਲਈ ਮੁੱਖ ਮੰਤਰੀ ਜਿਨ੍ਹਾਂ ਕੋਲ ਖੇਡ ਮਹਿਕਮਾ ਵੀ ਹੈ, ਵੱਲੋਂ ਸਾਲ 2023 ਵਿੱਚ ਬਣਾਈ ਨਵੀਂ ਖੇਡ ਨੀਤੀ ਨੂੰ ਜ਼ਮੀਨੀ ਪੱਧਰ ਉਤੇ ਲਾਗੂ ਕਰਨ ਨਾਲ ਸਾਲ 2024 ਵਿੱਚ ਇਸ ਨੀਤੀ ਦੇ ਸਾਰਥਿਕ ਸਿੱਟੇ ਸਾਹਮਣੇ ਆਏ ਹਨ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸਾਲ ਪੈਰਿਸ ਓਲੰਪਿਕਸ ਵਿੱਚ ਭਾਰਤ ਦੇ ਕੁੱਲ 100 ਖਿਡਾਰੀਆਂ ਵਿੱਚੋਂ 19 ਇਕੱਲੇ ਪੰਜਾਬ ਦੇ ਸਨ। ਇਨ੍ਹਾਂ ਵਿੱਚ 10 ਹਾਕੀ ਖਿਡਾਰੀ, ਛੇ ਨਿਸ਼ਾਨੇਬਾਜ਼ੀ, ਦੋ ਅਥਲੈਟਿਕਸ ਤੇ ਇਕ ਗੌਲਫ ਦੇ ਸਨ। ਇਸ ਤੋਂ ਇਲਾਵਾ ਤਿੰਨ ਪੰਜਾਬੀ ਖਿਡਾਰੀਆਂ ਨੇ ਪੈਰਿਸ ਪੈਰਾਲੰਪਿਕਸ ਵਿੱਚ ਹਿੱਸਾ ਲਿਆ ਜਿਨ੍ਹਾਂ ਵਿੱਚ ਇਕ ਪੈਰਾ ਅਥਲੀਟ, ਇਕ ਪੈਰਾ ਬੈਡਮਿੰਟਨ ਖਿਡਾਰਨ ਤੇ ਇਕ ਪੈਰਾ ਪਾਵਰ ਲਿਫਟਰ ਸਨ। ਨਵੀਂ ਖੇਡ ਨੀਤੀ ਤਹਿਤ 22 ਖਿਡਾਰੀਆਂ ਨੂੰ ਤਿਆਰੀ ਲਈ 15 ਲੱਖ ਰੁਪਏ ਪ੍ਰਤੀ ਖਿਡਾਰੀ ਦੇ ਹਿਸਾਬ ਨਾਲ ਕੁੱਲ 3.30 ਕਰੋੜ ਰੁਪਏ ਦਿੱਤੇ ਗਏ।

ਬੁਲਾਰੇ ਨੇ ਅੱਗੇ ਦੱਸਿਆ ਕਿ ਸਾਲ 2024 ਦੀ ਪੈਰਿਸ ਓਲੰਪਿਕਸ ਵਿੱਚ ਇਤਿਹਾਸ ਰਚਦਿਆਂ ਭਾਰਤੀ ਹਾਕੀ ਟੀਮ ਨੇ ਕਾਂਸੀ ਦਾ ਮੈਡਲ ਜਿੱਤਿਆ। ਇਸ ਵਿੱਚ 8 ਖਿਡਾਰੀ ਪੰਜਾਬ ਦੇ ਸਨ। ਮੁੱਖ ਮੰਤਰੀ ਨੇ ਪੰਜਾਬ ਦਾ ਨਾਮ ਰੌਸ਼ਨ ਕਰਨ ਵਾਲੇ ਇਨ੍ਹਾਂ ਖਿਡਾਰੀਆਂ ਨੂੰ ਪ੍ਰਤੀ ਖਿਡਾਰੀ ਇਕ ਕਰੋੜ ਰੁਪਏ ਦੇ ਇਨਾਮ ਦੇ ਹਿਸਾਬ ਨਾਲ ਕੁੱਲ 8 ਕਰੋੜ ਦੀ ਰਾਸ਼ੀ ਨਾਲ ਸਨਮਾਨਿਤ ਕੀਤਾ। ਦੋ ਪੰਜਾਬੀ ਹਾਕੀ ਖਿਡਾਰੀ ਰਿਜ਼ਰਵ ਸਨ ਜਿਨ੍ਹਾਂ ਨੂੰ 15-15 ਲੱਖ ਰੁਪਏ ਦਿੱਤੇ। ਇਸ ਤੋਂ ਇਲਾਵਾ ਓਲੰਪਿਕ ਵਿੱਚ ਹਿੱਸਾ ਲੈਣ ਵਾਲੇ ਬਾਕੀ 9 ਖਿਡਾਰੀ ਤੇ ਤਿੰਨ ਪੈਰਾ ਖਿਡਾਰੀਆਂ ਨੂੰ ਵੀ ਹਿੱਸਾ ਲੈਣ ਲਈ 15 ਲੱਖ ਰੁਪਏ ਪ੍ਰਤੀ ਖਿਡਾਰੀ ਨਾਲ ਸਨਮਾਨਿਤ ਕੀਤਾ ।ਇਸ ਤਰ੍ਹਾਂ ਪੈਰਿਸ ਓਲੰਪਿਕਸ ਤੇ ਪੈਰਾਲੰਪਿਕਸ ਦੇ ਕੁੱਲ 22 ਪੰਜਾਬੀ ਖਿਡਾਰੀਆਂ ਨੂੰ ਤਿਆਰੀ, ਇਨਾਮ ਅਤੇ ਹਿੱਸਾ ਲੈਣ ਦੀ ਰਾਸ਼ੀ ਮਿਲਾ ਕੇ ਕੁੱਲ 13.10 ਕਰੋੜ ਰੁਪਏ ਦੀ ਰਾਸ਼ੀ ਵੰਡੀ ਗਈ। ਪੈਰਿਸ ਓਲੰਪਿਕ ਵਿੱਚ ਭਾਰਤੀ ਟੀਮ ਦਾ ਕਪਤਾਨ ਹਰਮਨਪ੍ਰੀਤ ਸਿੰਘ 10 ਗੋਲਾਂ ਨਾਲ ਓਲੰਪਿਕਸ ਦਾ ਟਾਪ ਸਕੋਰਰ ਵੀ ਬਣਿਆ ਜਿਸ ਨੇ ਪੰਜਾਬੀਆਂ ਦਾ ਨਾਮ ਦੁਨੀਆ ਭਰ ਵਿੱਚ ਚਮਕਾਇਆ।

ਇਸ ਸਾਲ ਪੰਜਾਬ ਦੇ 11 ਨਾਮੀਂ ਖਿਡਾਰੀਆਂ ਨੂੰ ਪੀ.ਸੀ.ਐਸ. ਤੇ ਡੀ.ਐਸ.ਪੀ. ਦੀਆਂ ਨੌਕਰੀਆਂ ਦਿੱਤੀਆਂ।ਇਨ੍ਹਾਂ ਵਿੱਚ 9 ਹਾਕੀ ਖਿਡਾਰੀਆਂ ਵਿੱਚੋਂ ਚਾਰ ਖਿਡਾਰੀਆਂ ਹਾਰਦਿਕ ਸਿੰਘ, ਰੁਪਿੰਦਰ ਪਾਲ ਸਿੰਘ, ਸਿਮਰਨਜੀਤ ਸਿੰਘ ਤੇ ਗੁਰਜੰਟ ਸਿੰਘ ਨੂੰ ਪੀ.ਸੀ.ਐਸ. ਅਤੇ ਪੰਜ ਹਾਕੀ ਖਿਡਾਰੀਆਂ ਹਰਮਨਪ੍ਰੀਤ ਸਿੰਘ, ਮਨਦੀਪ ਸਿੰਘ, ਦਿਲਪ੍ਰੀਤ ਸਿੰਘ, ਸ਼ਮਸ਼ੇਰ ਸਿੰਘ ਤੇ ਵਰੁਣ ਕੁਮਾਰ ਅਤੇ ਇੱਕ ਅਥਲੀਟ ਤੇਜਿੰਦਰ ਪਾਲ ਸਿੰਘ ਤੂਰ ਤੇ ਇੱਕ ਕ੍ਰਿਕਟਰ ਹਰਮਨਪ੍ਰੀਤ ਕੌਰ ਨੂੰ ਡੀ.ਐਸ.ਪੀ. ਲਗਾਇਆ ਗਿਆ।

ਮੁੱਖ ਮੰਤਰੀ ਨੇ ਖੇਡਾਂ ਨੂੰ ਹੋਰ ਪ੍ਰਫੁੱਲਤ ਕਰਨ ਲਈ ਸਾਲ 2023 ਵਿੱਚ ਨਵੀਂ ਖੇਡ ਨੀਤੀ ਲਾਗੂ ਕੀਤੀ। ਇਸ ਨੀਤੀ ਤਹਿਤ ਬਿਹਤਰ ਕੋਚਿੰਗ, ਖੇਡ ਸਮਾਨ ਅਤੇ ਰਿਫਰੈਸ਼ਮੈਂਟ ਵਾਲੀਆਂ ਕਲੱਸਟਰ ਪੱਧਰ ਦੀਆਂ 1000 ਖੇਡ ਨਰਸਰੀਆਂ ਸਥਾਪਤ ਕੀਤੀਆਂ ਜਾਣੀਆਂ ਹਨ। ਸਾਲ 2024 ਵਿੱਚ ਪਹਿਲੇ ਪੜਾਅ ਵਿੱਚ 260 ਨਰਸਰੀਆਂ ਬਣਾਉਣ ਦਾ ਕੰਮ ਸ਼ੁਰੂ ਕੀਤਾ ਜਾ ਚੁੱਕਾ ਹੈ ਜੋ ਛੇਤੀ ਅਮਲ ਵਿੱਚ ਹੋਣਗੀਆਂ।

ਬੁਲਾਰੇ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਵਿੱਚ ਪਹਿਲੀ ਵਾਰ 'ਖੇਡਾਂ ਵਤਨ ਪੰਜਾਬ ਦੀਆਂ' ਦੀ ਸ਼ੁਰੂਆਤ ਕੀਤੀ ਗਈ ਤਾਂ ਕਿ ਉੱਭਰਦੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਦਾ ਮੌਕਾ ਦਿੱਤਾ ਜਾ ਸਕੇ। ਸਾਲ 2024 ਵਿੱਚ 'ਖੇਡਾਂ ਵਤਨ ਪੰਜਾਬ ਦੀਆਂ' ਦਾ ਤੀਜਾ ਸੀਜ਼ਨ ਸਫਲਤਾਪੂਰਵਕ ਕਰਵਾਇਆ ਗਿਆ ਜਿਸ ਵਿੱਚ ਪੰਜ ਲੱਖ ਦੇ ਕਰੀਬ ਖਿਡਾਰੀਆਂ ਨੇ 37 ਖੇਡਾਂ ਦੇ 9 ਉਮਰ ਵਰਗਾਂ ਵਿੱਚ ਹਿੱਸਾ ਲਿਆ। ਮੁੱਖ ਮੰਤਰੀ ਨੇ ਪਹਿਲੀ ਵਾਰ ਪੈਰਾ ਖੇਡਾਂ ਨੂੰ 'ਖੇਡਾਂ ਵਤਨ ਪੰਜਾਬ ਦੀਆਂ' ਦਾ ਹਿੱਸਾ ਬਣਾਇਆ ਗਿਆ ਹੈ ਤਾਂ ਕਿ ਹਰੇਕ ਖਿਡਾਰੀ ਨੂੰ ਆਪਣੀ ਪ੍ਰਤਿਭਾ ਦਿਖਾਉਣ ਦਾ ਮੌਕਾ ਮਿਲ ਸਕੇ।

# ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਸਾਬਕਾ ਰਾਸ਼ਟਰਪਤੀ ਗਿਆਨੀ ਜ਼ੈਲ ਸਿੰਘ ਨੂੰ ਉਨ੍ਹਾਂ ਦੀ 30ਵੀਂ ਬਰਸੀ ਮੌਕੇ ਸ਼ਰਧਾਂਜਲੀ ਭੇਟ



ਚੰਡੀਗੜ੍ਹ, 25 ਦਸੰਬਰ (ਪੋਸਟ ਬਿਊਰੋ): ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਭਾਰਤ ਦੇ ਸਾਬਕਾ ਰਾਸ਼ਟਰਪਤੀ ਗਿਆਨੀ ਜ਼ੈਲ ਸਿੰਘ ਦੀ 30ਵੀਂ ਬਰਸੀ ਮੌਕੇ ਏਕਤਾ ਸਥਲ, ਰਾਜ ਘਾਟ, ਨਵੀਂ ਦਿੱਲੀ ਵਿਖੇ ਕਰਵਾਏ ਗਏ ਧਾਰਮਿਕ ਸਮਾਗਮ ਵਿੱਚ ਸ਼ਿਰਕਤ ਕੀਤੀ। ਇਹ ਸਮਾਗਮ ਦੇਸ਼ ਦੇ ਇਤਿਹਾਸ 'ਤੇ ਅਮਿੱਟ ਛਾਪ ਛੱਡਣ ਵਾਲੇ ਮਹਾਨ ਆਗੂ ਨੂੰ ਦਿਲੋਂ ਸ਼ਰਧਾਂਜਲੀ ਭੇਟ ਕਰਨ ਲਈ ਕਰਵਾਇਆ ਗਿਆ ਸੀ।

ਜ਼ਿਕਰਯੋਗ ਹੈ ਕਿ ਗਿਆਨੀ ਜ਼ੈਲ ਸਿੰਘ ਦਾ ਜਨਮ 5 ਮਈ 1916 ਨੂੰ ਫਰੀਦਕੋਟ ਦੇ ਪਿੰਡ ਸੰਧਵਾਂ ਵਿਖੇ ਹੋਇਆ ਸੀ ਅਤੇ 25 ਦਸੰਬਰ 1994 ਨੂੰ ਉਨ੍ਹਾਂ ਦਾ ਦਿਹਾਂਤ ਹੋ ਗਿਆ ਸੀ। ਇੱਕ ਨਿਮਾਣੇ ਵਿਅਕਤੀ ਤੋਂ ਭਾਰਤ ਦੇ ਪਹਿਲੇ ਸਿੱਖ ਰਾਸ਼ਟਰਪਤੀ ਬਣਨ ਤੱਕ ਦਾ ਉਨ੍ਹਾਂ ਦਾ ਸਫ਼ਰ ਉਨ੍ਹਾਂ ਦੇ ਕੌਮ ਪ੍ਰਤੀ ਸਮਰਪਣ ਅਤੇ ਸੇਵਾ ਦਾ ਪ੍ਰਮਾਣ ਹੈ।

ਸਾਬਕਾ ਰਾਸ਼ਟਰਪਤੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਸੰਧਵਾਂ ਨੇ ਗਿਆਨੀ ਜ਼ੈਲ ਸਿੰਘ ਵੱਲੋਂ 1982 ਤੋਂ 1987 ਤੱਕ ਰਾਸ਼ਟਰਪਤੀ ਅਤੇ 1980 ਤੋਂ 1982 ਤੱਕ ਕੇਂਦਰੀ ਗ੍ਰਿਹ ਮੰਤਰੀ ਅਤੇ 1972 ਤੋਂ 1977 ਤੱਕ ਪੰਜਾਬ ਦੇ ਮੁੱਖ ਮੰਤਰੀ ਵਜੋਂ ਨਿਭਾਈਆਂ ਮਿਸਾਲੀ ਸੇਵਾਵਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਲੋਕਾਂ ਦੀ ਭਲਾਈ ਲਈ ਸਾਬਕਾ ਰਾਸ਼ਟਰਪਤੀ ਦੀ ਦ੍ਰਿੜ ਵਚਨਬੱਧਤਾ ਅਤੇ ਸੂਬੇ ਦੇ ਵਿਕਾਸ ਲਈ ਪਾਏ ਮਹੱਤਵਪੂਰਨ ਯੋਗਦਾਨ 'ਤੇ ਚਾਨਣਾ ਪਾਇਆ। ਸੰਧਵਾਂ ਨੇ ਕਿਹਾ ਕਿ ਗਿਆਨੀ ਜ਼ੈਲ ਸਿੰਘ ਨੇ ਆਪਣੀਆਂ ਸੇਵਾਵਾਂ ਸਮਰਪਿਤ ਭਾਵਨਾ ਨਾਲ ਨਿਭਾਈਆਂ। ਭਾਰਤ ਦੇ ਰਾਸ਼ਟਰਪਤੀ ਅਤੇ ਪੰਜਾਬ ਦੇ ਮੁੱਖ ਮੰਤਰੀ ਵਜੋਂ ਉਨ੍ਹਾਂ ਨੇ ਆਪਣੇ ਕਾਰਜਕਾਲ ਦੌਰਾਨ ਪਛੜੇ ਲੋਕਾਂ ਦੀ ਭਲਾਈ ਅਤੇ ਸਮਾਜਿਕ ਸਦਭਾਵਨਾ ਨੂੰ ਪ੍ਰਫੁੱਲਤ ਕਰਨ ਲਈ ਅਣਥੱਕ ਯਤਨ ਕੀਤੇ।

ਸੰਧਵਾਂ ਨੇ ਗਿਆਨੀ ਜ਼ੈਲ ਸਿੰਘ ਦੇ ਅੰਮ੍ਰਿਤਸਰ ਵਿਖੇ ਸਿੱਖ ਮਿਸ਼ਨਰੀ ਸਕੂਲ ਵਿੱਚ ਮੁਢਲੀ ਸਿੱਖਿਆ ਹਾਸਲ ਕਰਨ, ਜਿੱਥੇ ਉਨ੍ਹਾਂ ਨੇ ਗਿਆਨੀ ਦੀ ਉਪਾਧੀ ਹਾਸਲ ਕੀਤੀ ਸੀ, ਤੋਂ ਲੈ ਕੇ ਇੱਕ ਵਿਦਵਾਨ ਅਤੇ ਉੱਘੇ ਸਿਆਸਤਦਾਨ ਬਣਨ ਤੱਕ ਦੇ ਸਫ਼ਰ ਨੂੰ ਯਾਦ ਕੀਤਾ। ਸੰਧਵਾਂ ਨੇ ਕਿਹਾ ਕਿ ਸਿੱਖ ਸਿੱਖਿਆਵਾਂ ਬਾਰੇ ਉਨ੍ਹਾਂ ਦੀ ਡੂੰਘੀ ਸੂਝ ਅਤੇ ਲੋਕ ਸੇਵਾ ਪ੍ਰਤੀ ਦ੍ਰਿੜ ਵਚਨਬੱਧਤਾ ਉਨ੍ਹਾਂ ਦੇ ਸ਼ਾਨਦਾਰ ਕੈਰੀਅਰ ਤੋਂ ਸਪੱਸ਼ਟ ਝਲਕਦੀ ਹੈ।

ਗਿਆਨੀ ਜ਼ੈਲ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਨ ਅਤੇ ਕੌਮ ਪ੍ਰਤੀ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕਰਨ ਲਈ ਏਕਤਾ ਸਥਲ ਵਿਖੇ ਕਰਵਾਏ ਗਏ ਇਸ ਸਮਾਗਮ ਵਿੱਚ ਵੱਡੀ ਗਿਣਤੀ ਪਤਵੰਤੇ, ਸਿਆਸੀ ਆਗੂ ਅਤੇ ਉਨ੍ਹਾਂ ਦੇ ਪ੍ਰਸ਼ੰਸਕ ਹਾਜ਼ਰ ਹੋਏ। ਇਸ ਮੌਕੇ ਹਾਜ਼ਰੀਨ ਵੱਲੋਂ ਸ਼ਰਧਾ ਭਾਵਨਾ ਨਾਲ ਸਾਬਕਾ ਰਾਸ਼ਟਰਪਤੀ ਦੀ ਸਦੀਵੀ ਵਿਰਾਸਤ ਨੂੰ ਯਾਦ ਕੀਤਾ ਗਿਆ।

# ਪੰਜਾਬ ਸਰਕਾਰ ਸੂਬੇ ਦੇ ਛੇ ਵੈਟਰਨਰੀ ਪੌਲੀਕਲੀਨਿਕਾਂ ਵਿੱਚ ਜਲਦੀ ਸ਼ੁਰੂ ਕਰੇਗੀ ਇਨਡੋਰ ਸੇਵਾਵਾਂ



ਚੰਡੀਗੜ੍ਹ, 25 ਦਸੰਬਰ (ਪੋਸਟ ਬਿਊਰੋ): ਸੂਬੇ ਵਿੱਚ ਪਾਲਤੂ ਜਾਨਵਰਾਂ ਅਤੇ ਪਸ਼ੂਆਂ ਦੀ ਸਿਹਤ ਤੇ ਤੰਦਰੁਸਤੀ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜਲਦੀ ਸੂਬੇ ਦੇ ਛੇ ਵੈਟਰਨਰੀ ਪੌਲੀਕਲੀਨਿਕਾਂ ਵਿੱਚ ਇਨਡੋਰ ਸੇਵਾਵਾਂ ਸ਼ੁਰੂ ਕੀਤੀਆਂ ਜਾਣਗੀਆਂ।

**ਵੈਟਰਨਰੀ ਸੰਸਥਾਵਾਂ ਵਿੱਚ ਸਹੂਲਤਾਂ ਦੇ ਵਾਧੇ ਲਈ 1.85 ਕਰੋੜ ਰੁਪਏ ਜਾਰੀ : ਖੁੱਡੀਆਂ**

ਇਸ ਪਹਿਲਕਦਮੀ ਬਾਰੇ ਜਾਣਕਾਰੀ ਦਿੰਦਿਆਂ ਅੱਜ ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਵੈਟਰਨਰੀ ਸੰਸਥਾਵਾਂ ਵਿੱਚ ਸਹੂਲਤਾਂ ਦੇ ਵਿਸਥਾਰ ਲਈ 1.85 ਕਰੋੜ ਰੁਪਏ ਤੋਂ ਵੱਧ ਦੇ ਫੰਡ ਮੁਹੱਈਆ ਕਰਵਾਏ ਗਏ ਹਨ ਅਤੇ ਪਟਿਆਲਾ, ਅੰਮ੍ਰਿਤਸਰ, ਬਠਿੰਡਾ, ਸੰਗਰੂਰ, ਗੁਰਦਾਸਪੁਰ ਅਤੇ ਲੁਧਿਆਣਾ ਦੇ ਵੈਟਰਨਰੀ ਪੌਲੀਕਲੀਨਿਕਾਂ ਵਿੱਚ ਜਲਦੀ ਇਨਡੋਰ ਸੇਵਾਵਾਂ ਸ਼ੁਰੂ ਕਰਨ ਲਈ ਉਪਕਰਨ ਵੀ ਮੁਹੱਈਆ ਕਰਵਾਏ ਜਾ ਰਹੇ ਹਨ। ਇਹਨਾਂ ਪੌਲੀਕਲੀਨਿਕਾਂ ਵਿੱਚ ਪਾਲਤੂ ਜਾਨਵਰਾਂ ਅਤੇ ਪਸ਼ੂਆਂ ਲਈ ਬਹੁਤ ਸਾਰੀਆਂ ਇਨਡੋਰ ਸੇਵਾਵਾਂ ਦਿੱਤੀਆਂ ਜਾਣਗੀਆਂ, ਜਿਨ੍ਹਾਂ ਵਿੱਚ ਗੰਭੀਰ ਬਿਮਾਰੀ ਦਾ ਇਲਾਜ, ਸਰਜਰੀਆਂ, ਸਰਜਰੀ ਉਪਰੰਤ ਦੇਖਭਾਲ, ਲੈਬ ਟੈਸਟ, ਐਕਸ-ਰੇਅ ਅਤੇ ਅਲਟਰਾਸਾਊਂਡ ਸਹੂਲਤਾਂ ਸ਼ਾਮਲ ਹਨ।

ਪਸ਼ੂ ਪਾਲਣ ਵਿਭਾਗ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਉਂਦਿਆਂ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਲੰਪੀ ਸਕਿੱਨ ਬਿਮਾਰੀ ਦੀ ਰੋਕਥਾਮ ਲਈ ਸਾਰੇ ਪਸ਼ੂਧਨ ਨੂੰ ਦੋ ਵਾਰ ਗੋਟ ਪੌਕਸ ਦੀਆਂ ਖੁਰਾਕਾਂ ਮੁਫ਼ਤ ਦਿੱਤੀਆਂ ਗਈਆਂ। ਉਨ੍ਹਾਂ ਦੱਸਿਆ ਕਿ ਸਾਰੇ ਯੋਗ ਪਸ਼ੂਆਂ ਦਾ ਸਾਲ ਵਿੱਚ ਦੋ ਵਾਰ ਮੂੰਹ-ਖੁਰ ਦੀ ਬਿਮਾਰੀ ਖਿਲਾਫ਼ ਟੀਕਾਕਰਨ ਵੀ ਕੀਤਾ ਗਿਆ ਹੈ। ਇਸ ਸਾਲ ਦੌਰਾਨ ਪਸ਼ੂਆਂ ਨੂੰ ਮੂੰਹ-ਖੁਰ ਦੀ ਬਿਮਾਰੀ ਤੋਂ ਬਚਾਉਣ ਲਈ ਵੈਕਸੀਨ ਦੀਆਂ 126.22 ਲੱਖ ਖੁਰਾਕਾਂ ਦੋ ਪੜਾਵਾਂ ਵਿੱਚ ਮੁਫ਼ਤ ਦਿੱਤੀਆਂ ਗਈਆਂ ਹਨ।

ਉਨ੍ਹਾਂ ਅੱਗੇ ਦੱਸਿਆ ਕਿ ਸੂਬੇ ਦੇ ਪਸ਼ੂ ਪਾਲਕਾਂ ਦੀ ਆਰਥਿਕ ਸਥਿਤੀ ਵਿੱਚ ਸੁਧਾਰ ਕਰਨ ਦੇ ਨਾਲ-ਨਾਲ ਅਵਾਰਾ ਪਸ਼ੂਆਂ ਦੀ ਸਮੱਸਿਆ ਨਾਲ ਨਜਿੱਠਣ ਲਈ 11.81 ਕਰੋੜ ਰੁਪਏ ਦੀ ਲਾਗਤ ਨਾਲ ਫ੍ਰੋਜ਼ਨ ਸੈਕਸਡ ਸੀਮਨ (ਸਿਰਫ਼ ਵੱਛੀਆਂ/ਕੱਟੀਆਂ ਪੈਦਾ ਕਰਨ ਲਈ) ਦੀਆਂ 1,75,000 ਖੁਰਾਕਾਂ ਖਰੀਦੀਆਂ ਗਈਆਂ। ਉਨ੍ਹਾਂ ਕਿਹਾ ਕਿ ਬਿਹਤਰ ਪਸ਼ੂ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ 326 ਨਵੇਂ ਵੈਟਰਨਰੀ ਅਫ਼ਸਰ, 538 ਵੈਟਰਨਰੀ ਇੰਸਪੈਕਟਰ ਅਤੇ 59 ਗਰੁੱਪ ਸੀ ਦੀਆਂ ਅਸਾਮੀਆਂ ਭਰੀਆਂ ਗਈਆਂ ਹਨ ਅਤੇ 405 ਹੋਰ ਵੈਟਰਨਰੀ ਅਫ਼ਸਰਾਂ ਦੀ ਭਰਤੀ ਪ੍ਰਕਿਰਿਆ ਅਧੀਨ ਹੈ।

ਪਸ਼ੂ ਪਾਲਣ ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ ਨੇ ਦੱਸਿਆ ਕਿ 6.37 ਕਰੋੜ ਰੁਪਏ ਦੇ ਡੀਵਾਰਮਰ ਸੂਬੇ ਭਰ ਦੇ ਸਾਰੇ ਪਸ਼ੂ ਪਾਲਕਾਂ ਨੂੰ ਵੰਡੇ ਗਏ ਹਨ। ਇਸ ਤੋਂ ਇਲਾਵਾ ਪਸ਼ੂਆਂ ਦੇ ਇਲਾਜ ਲਈ ਹਸਪਤਾਲਾਂ/ਡਿਸਪੈਂਸਰੀਆਂ ਨੂੰ 3 ਕਰੋੜ ਰੁਪਏ ਦੀਆਂ ਦਵਾਈਆਂ ਪ੍ਰਦਾਨ ਕੀਤੀਆਂ ਗਈਆਂ ਹਨ ਅਤੇ 1 ਕਰੋੜ ਰੁਪਏ ਦੀਆਂ ਹੋਰ ਦਵਾਈਆਂ ਵੀ ਖਰੀਦੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਵਿਭਾਗ ਵਲੋਂ ਸੂਬੇ ਵਿੱਚ 199 ਪਸ਼ੂ ਭਲਾਈ ਅਤੇ ਜਾਗਰੂਕਤਾ ਕੈਂਪ ਵੀ ਲਗਾਏ ਗਏ ਹਨ ਅਤੇ ਸੂਬੇ ਵਿੱਚ 21ਵੀਂ ਪਸ਼ੂ ਗਣਨਾ ਕਰਵਾਈ ਜਾ ਰਹੀ ਹੈ। ਪਸ਼ੂ ਪਾਲਣ ਵਿਭਾਗ ਦੇ ਡਾਇਰੈਕਟਰ ਡਾ. ਜੀ. ਐਸ. ਬੇਦੀ ਨੇ ਦੱਸਿਆ ਕਿ ਟ੍ਰਾਈਸਿਟੀ ਦੇ ਇਤਿਹਾਸ ਵਿੱਚ ਪਹਿਲੀ ਵਾਰ ਪਸ਼ੂ ਪਾਲਣ ਵਿਭਾਗ ਨੇ 21 ਅਤੇ 22 ਦਸੰਬਰ, 2024 ਨੂੰ ਚੰਡੀਗੜ੍ਹ ਦੇ ਪਰੇਡ ਗਰਾਊਂਡ ਵਿਖੇ ਕਰਵਾਏ ਗਏ ਪੈੱਟ ਐਕਸਪੋ ਦੀ ਹੋਰ ਅਦਾਰਿਆਂ ਨਾਲ ਮਿਲ ਕੇ ਮੇਜ਼ਬਾਨੀ ਵੀ ਕੀਤੀ।







# ਚਮਕ ਹੈ ਮਿਹਰ ਕੀ ਚਮਕੌਰ ਤੇਰੇ ਜ਼ਰੋਂ ਮੇਂ





ਗੁਰੂ ਕਲਗੀਧਰ ਪਿਤਾ 20 ਦਸੰਬਰ 1704 ਦੀ ਰਾਤ ਨੂੰ ਅਨੰਦਪੁਰ ਸਾਹਿਬ ਦਾ ਕਿਲ੍ਹਾ ਛੱਡ ਕੇ ਅਗਲੇ ਪੈਂਡਿਆਂ ’ਤੇ ਚੱਲ ਪਏ ਸਨ। ਅੱਗੇ ਭਾਈ ਧਰਮ ਸਿੰਘ, ਭਾਈ ਦਇਆ ਸਿੰਘ ਵਿਚਕਾਰ ਮਾਤਾ ਗੁਜਰੀ ਜੀ ਤੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਿਹ ਸਿੰਘ ਅਤੇ ਉਨ੍ਹਾਂ ਦੀ ਟਹਿਲ ਕਰਨ ਵਾਲੀ ਦਾਸੀ ਸਮੇਤ ਜਾ ਰਹੇ ਸਨ। ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ, ਭਾਈ ਉਦੈ ਸਿੰਘ, ਭਾਈ ਜੀਵਨ ਸਿੰਘ, ਉਨ੍ਹਾਂ ਦਾ ਛੋਟਾ ਭਰਾ ਸੰਗਤ ਸਿੰਘ ਅਤੇ ਉਨ੍ਹਾਂ ਦਾ ਪ੍ਰਵਾਰ, ਦਰਬਾਰੀ ਕਵੀ ਅਤੇ ਹੋਰ ਸਿੰਘ ਤੇ ਸਿੰਘਣੀਆਂ ਗੁਰੂ ਪਿਤਾ ਜੀ ਨਾਲ ਅਨੰਦਪੁਰ ਸਾਹਿਬ ਦੀ ਧਰਤੀ ਤੋਂ ਕੀਰਤਪੁਰ ਸਾਹਿਬ ਆ ਗਏ। ਅਪਣੇ ਬਜ਼ੁਰਗਾਂ ਦੀ ਧਰਤੀ ਕੀਰਤਪੁਰ ਸਾਹਿਬ ਨੂੰ ਮੱਥਾ ਟੇਕ ਕੇ ਅੱਗੇ ਚੱਲ ਪਏ। ਜਦੋਂ ਹਜ਼ੂਰ ਸਿੰਘਾਂ ਸਮੇਤ ਕੀਰਤਪੁਰ ਸਾਹਿਬ ਟੱਪੇ ਤਾਂ ਸਰਸਾ ਨਦੀ ਦਾ ਕਿਨਾਰਾ ਅਜੇ ਆਉਣਾ ਹੀ ਸੀ ਕਿ ਪਿੱਛੋਂ ਇਕ ਆਵਾਜ਼ ਆਈ, “ਓ ਸਿੱਖੋ, ਅਪਣੇ ਹਥਿਆਰ ਸੁੱਟ ਦਿਉ, ਇਹ ਅਨੰਦਪੁਰ ਨਹੀਂ। ਅਪਣੇ ਆਪ ਹਥਿਆਰ ਸੁੱਟ ਦੇਵੋਗੇ ਤਾਂ ਜਾਨ ਬਖ਼ਸ਼ ਦਿਤੀ ਜਾਵੇਗੀ, ਨਹੀਂ ਤਾਂ ਸਾਰਾ ਕਾਫ਼ਲਾ ਖ਼ਤਮ ਕਰ ਦਿਆਂਗੇ।”

ਅੱਗੋਂ ਉਸੇ ਲਲਕਾਰ ਦਾ ਜਵਾਬ ਦਿੰਦਿਆਂ ਬਾਬਾ ਅਜੀਤ ਸਿੰਘ ਨੇ ਕਿਹਾ, “ਪਹਾੜੀਆਂ ਹੋਣ ਭਾਵੇਂ ਕਿਲ੍ਹੇ ਹੋਣ ਜਾਂ ਫਿਰ ਮੈਦਾਨੀ ਇਲਾਕਾ ਹੋਵੇ, ਜਿਹੜੇ ਸ਼ਸਤਰ ਮੇਰੇ ਗੁਰੂ ਪਿਤਾ ਨੇ ਫੜਾਏ ਨੇ, ਤਨ ’ਚੋਂ ਜ਼ਿੰਦ ਨਿਕਲਣ ਤੋਂ ਬਾਅਦ ਹੀ ਹੱਥਾਂ ’ਚੋਂ ਛੁੱਟਣਗੇ ਪਰ ਜਿਉਂਦੇ ਜੀ ਗੁਰੂ ਪਿਤਾ ਦੇ ਸਿੰਘ ਪੁੱਤਰ ਤੁਹਾਡੇ ਸਾਹਮਣੇ ਸ਼ਸਤਰ ਨਹੀਂ ਸੁੱਟਣਗੇ।”

ਪ੍ਰਭਾਤ ਵੇਲਾ ਹੋਣ ਲਗਿਆ, ਪਿੱਛੋਂ ਦੁਸ਼ਮਣਾਂ ਦੀਆਂ ਫ਼ੌਜਾਂ ਚੜ੍ਹ ਕੇ ਆ ਰਹੀਆਂ ਸਨ ਤੇ ਅੱਗੋਂ ਸਰਸਾ ਨਦੀ ਮੂੰਹ ਅੱਡ ਕੇ ਖੜੀ ਸੀ। ਕੜਾਕੇ ਦੀ ਠੰਢ ਤੇ ਉਤੋਂ ਅਸਮਾਨ ਤੋਂ ਮੀਂਹ ਪੈ ਰਿਹਾ ਸੀ। ਦਾਤਾ, ਇਨ੍ਹਾਂ ਦਿਨਾਂ ਵਿਚ ਜਿਹੜਾ ਤੂੰ ਰੱਬ ਦਾ ਭਾਣਾ ਮੰਨਿਆ ਹੈ, ਅਸਲ ਵਿਚ ਸਿੱਖਾਂ ਨੂੰ ਤੁਸੀਂ ਦੱਸ ਕੇ ਗਏ ਸੀ ਕਿ ਜੇ ਐਨਾ ਕੁੱਝ ਵੀ ਵਾਪਰ ਜਾਏ ਤਾਂ ਅਕਾਲ ਪੁਰਖ ਦਾ ਪੱਲਾ ਕਦੇ ਵੀ ਨਾ ਛੱਡਣਾ। ਮਨ ਵਿਚ ਧਾਰਦਿਆਂ ਗੁਰੂ ਪਿਤਾ ਨੇ ਆਵਾਜ਼ ਦਿਤੀ, “ਪਿਆਰੇ ਦਇਆ ਸਿੰਘ ਜੀ, ਭਾਈ ਧਰਮ ਸਿੰਘ ਜੀ, ਭਾਈ ਜੀਵਨ ਸਿੰਘ ਜੀ, ਅੰਮ੍ਰਿਤ ਵੇਲਾ ਹੋ ਗਿਆ।

“ਹਜ਼ੂਰ ਹੁਕਮ ਕੀ ਹੈ?”
ਕਹਿਣ ਲੱਗੇ, “ਦੇਖੋ ਭਾਈ ਅੰਮ੍ਰਿਤ ਵੇਲਾ ਕਦੇ ਖੁੰਝਾਉਣਾ ਨਹੀਂ, ਗੁਰੂ ਨਾਨਕ ਦੇਵ ਜੀ ਨੇ ਸਾਨੂੰ ਅੰਮ੍ਰਿਤ ਵੇਲਾ ਵਡਿਆਈ ਗਾਉਣ ਲਈ ਦਿਤਾ ਹੈ - ਅੰਮ੍ਰਿਤ ਵੇਲਾ ਸਚੁ ਨਾਉ ਵਡਿਆਈ ਵਿਚਾਰੁ।” ਫਿਰ ਬੇਟੇ ਅਜੀਤ ਸਿੰਘ ਨੂੰ ਆਵਾਜ਼ ਦਿਤੀ



ਤਾਂ ਉਹ ਹਜ਼ੂਰ ਪਿਤਾ ਦੇ ਸਾਹਮਣੇ ਆਏ। ਗੁਰੂ ਪਿਤਾ ਨੇ ਫ਼ੁਰਮਾਇਆ, “ਅਸੀਂ ਕਾਫ਼ਲੇ ਸਮੇਤ ਇੱਥੇ ਆਸਾ ਦੀ ਵਾਰ ਦਾ ਕੀਰਤਨ ਕਰਾਂਗੇ।”
“ਪਿਤਾ ਜੀ ਪਿੱਛੋਂ ਦੁਸ਼ਮਣ ਆ ਗਿਆ ਹੈ, ਸੁਚੇਤ ਰਹਿਣ ਦੀ ਲੋੜ ਹੈ।”
ਗੁਰੂ ਪਿਤਾ ਜੀ ਨੇ ਫ਼ੁਰਮਾਇਆ, “ਬੇਟਾ ਗੁਰੂ ਦੇ ਸਿੰਘਾਂ ਦੀ ਪੂੰਜੀ ਅੰਮ੍ਰਿਤ ਵੇਲਾ ਨਾਮ ਸਿਮਰਨ ਹੈ, ਜਿਸ ਦਿਨ ਬਾਣੀ ਸਰੂਪ ਪੂੰਜੀ ਚਲੀ ਗਈ, ਉਸ ਨੂੰ ਦੁਸ਼ਮਣ ਜਿੱਥੇ ਮਰਜ਼ੀ ਘੇਰ ਕੇ ਖ਼ਤਮ ਕਰ ਦੇਵੇਗਾ, ਉਸ ਨੂੰ ਅਕਾਲ ਪੁਰਖ ਦੀ ਪ੍ਰਾਪਤੀ ਨਹੀਂ ਹੋਵੇਗੀ।”

ਗੁਰੂ ਪਿਤਾ ਜੀ ਦੇ ਫ਼ੁਰਮਾਨ ਅਨੁਸਾਰ ਸਿੰਘਾਂ ਨੇ ਇਹ ਸਿੱਖੀ ਦਾ ਪਾਵਨ ਕਾਰਜ ਸੰਪੂਰਨ ਕਰ ਕੇ ਅਰਦਾਸ ਕਰਨ ਉਪਰੰਤ ਹੁਕਮ-ਨਾਮਾ ਲਿਆ। ਸਰਸਾ ਦੇ ਕੰਢੇ ਸਾਰੇ ਇਕੱਠੇ ਹੋਏ। ਜਦੋਂ ਨਦੀ ਪਾਰ ਕਰਨ ਲੱਗੇ ਤਾਂ ਇਸ ਦੇ ਤੇਜ਼ ਵਹਾਅ ਕਾਰਨ ਕਈ ਸਿੰਘ ਤੇ ਸਿੰਘਣੀਆਂ ਪਾਣੀ ’ਚ ਰੁੜ੍ਹ ਗਏ। ਦਰਬਾਰੀ ਕਵੀਆਂ, ਹਜ਼ੂਰੀ ਇਤਿਹਾਸਕਾਰਾਂ ਅਤੇ ਹੋਰ ਅਧਿਆਤਮਕ ਰਚਨਾਵਾਂ ਤੋਂ ਇਲਾਵਾ ਗੁਰਮਤਿ ਵਿਦਿਆ ਦੇ ਗ੍ਰੰਥਾਂ ਨੂੰ ਪਾਣੀ ਰੋੜ੍ਹ ਕੇ ਲੈ ਗਿਆ। ਪਾਣੀ ਦੇ ਤੇਜ਼ ਵਹਾਅ ਕਾਰਨ ਕਲਗੀਧਰ ਪਿਤਾ ਦਾ ਪ੍ਰਵਾਰ ਤਿੰਨ ਹਿੱਸਿਆਂ ਵਿਚ ਵੰਡਿਆ ਗਿਆ। ਪਿਛੋਂ ਦੁਸ਼ਮਣ ਉੱਤੇ ਆ ਚੜ੍ਹਿਆ। ਬਾਬਾ ਅਜੀਤ ਸਿੰਘ, ਭਾਈ ਜੀਵਨ ਸਿੰਘ, ਭਾਈ ਉਦੈ ਸਿੰਘ ਅਤੇ ਹੋਰ ਸਿੰਘਾਂ ਨੇ ਡਟ ਕੇ ਮੁਕਾਬਲਾ ਕੀਤਾ। ਇਥੇ ਭਾਈ ਉਦੈ ਸਿੰਘ ਜੀ ਅਤੇ ਭਾਈ ਗੁਰਦਿਆਲ ਸਿੰਘ ਤੇ ਭਾਈ ਗੁਲਜ਼ਾਰ ਸਿੰਘ (ਦੋਵੇਂ ਛੋਟੇ ਸਪੁੱਤਰ ਭਾਈ ਜੀਵਨ ਸਿੰਘ ਰੰਘਰੇਟੇ) ਸਰਸਾ ਨਦੀ ਦੀ ਜੰਗ ਦੌਰਾਨ ਸ਼ਹਾਦਤ ਦਾ ਜਾਮ ਪੀ ਗਏ। ਮਾਤਾ ਪ੍ਰੇਮੋ ਜੀ (ਮਾਤਾ ਭਾਈ ਜੀਵਨ ਸਿੰਘ) ਪਾਣੀ ਦੇ ਤੇਜ਼ ਵਹਾਅ ਵਿਚ ਰੁੜ੍ਹ ਕੇ ਸ਼ਹੀਦ ਹੋ ਗਏ। ਬਾਬਾ ਅਜੀਤ ਸਿੰਘ ਅਤੇ ਹੋਰ ਸਿੰਘ ਮੁੜ ਆਏ। ਹਜ਼ੂਰ ਪਿਤਾ ਨੇ ਕਾਫ਼ਲੇ ਸਮੇਤ ਸਰਸਾ ਨਦੀ ਪਾਰ ਕੀਤੀ। ਬਾਬਾ ਅਜੀਤ ਸਿੰਘ ਤੇ ਬਾਬਾ ਜੁਝਾਰ ਸਿੰਘ ਗੁਰੂ ਪਿਤਾ ਦੇ ਸੱਜੇ ਖੱਬੇ ਹੋ ਗਏ। ਕਈ ਪਿਆਰੇ ਸਿੰਘ ਉਨ੍ਹਾਂ ਦੇ ਨਾਲ ਸਨ।

ਸਰਸਾ ਨਦੀ ਦੀ ਜੰਗ ਨੇ ਗੁਰੂ ਦੇ ਲਾਲਾਂ ਦਾ ਵਿਛੋੜਾ ਪਾ ਦਿਤਾ। ਮਾਤਾ ਗੁਜਰੀ ਜੀ, ਦੋ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਿਹ ਸਿੰਘ ਸਮੇਤ ਕਵੀ ਦੁੰਨਾ ਸਿੰਘ ਹੰਡੂਰੀਆ ਅਤੇ ਇਕ ਦਾਸੀ ਬੀਬੀ ਸਰਸਾ ਨਦੀ ਪਾਰ ਕਰ ਕੇ ਕੁੰਮੇ ਮਾਛਕੀ ਦੇ ਨਿਵਾਸ ’ਤੇ ਪਹੁੰਚ ਗਏ। ਮਾਤਾ ਸੁੰਦਰੀ ਜੀ, ਮਾਤਾ ਸਾਹਿਬ ਕੌਰ ਜੀ, ਬੀਬੀ ਰਾਜ ਕੌਰ ਜੀ (ਸਿੰਘਣੀ ਭਾਈ ਜੀਵਨ ਸਿੰਘ) ਅਤੇ ਭਾਈ ਮਨੀ ਸਿੰਘ ਜੀ ਨਾਲ ਦਿੱਲੀ ਵਲ ਨੂੰ ਚੱਲ ਪਏ। 21 ਦਸੰਬਰ ਸੰਨ 1704 ਦੀ ਸ਼ਾਮ ਪੈ ਗਈ ਤੇ ਦਸਮ ਪਿਤਾ ਅਪਣੇ ਪੰਜ ਪਿਆਰਿਆਂ, ਦੋਵੇਂ ਵੱਡੇ ਲਾਲਾਂ ਅਤੇ ਮਰਜੀਵੜੇ ਸਿੰਘਾਂ ਨੂੰ ਅਪਣੇ ਸੀਨੇ ਨਾਲ ਲਾ ਕੇ ਚਮਕੌਰ ਦੀ ਗੜ੍ਹੀ ਵਾਲੇ ਪਾਸੇ ਨੂੰ ਤੁਰਨ ਲੱਗੇ। ਸ਼ਾਮ ਨੂੰ ਦਾਤਾ ਜੀ ਨੇ ਸਿੰਘਾਂ ਸਮੇਤ ਗੜ੍ਹੀ ਅੰਦਰ ਪ੍ਰਵੇਸ਼ ਕੀਤਾ। ਅਪਣੇ ਕਮਰ-ਕੱਸੇ ਵਿਚੋਂ ਖੰਜਰ ਕਢਦਿਆਂ ਗੜ੍ਹੀ ਨੂੰ ਵੇਖਦਿਆਂ ਮੁਸਕਰਾਏ ਤਾਂ ਭਾਈ ਦਇਆ ਸਿੰਘ ਦੇ ਪੁੱਛਣ ’ਤੇ ਹੱਸ ਕੇ ਕਹਿਣ ਲੱਗੇ, “ਸਿੰਘੋ ਇਸ ਗੜ੍ਹੀ ਦੇ ਸਾਹਮਣੇ ਵੱਡੀਆਂ-ਵੱਡੀਆਂ ਹਕੂਮਤਾਂ ਵਾਲਿਆਂ ਦੇ ਕਿਲ੍ਹੇ ਵੀ ਝੁਕ ਜਾਣਗੇ।”

ਉਨ੍ਹਾਂ ਦੀ ਮੁਸਕਰਾਹਟ ਨੇ ਸਿੰਘਾਂ ਦੇ ਹੌਸਲੇ ਹੋਰ ਵੀ ਬੁਲੰਦ ਕਰ ਦਿਤੇ। ਹਜ਼ੂਰ ਪਾਤਸ਼ਾਹ ਅਤੇ ਸਿੰਘਾਂ ਨੇ ਕਈ ਦਿਨਾਂ ਦੇ ਥੱਕੇ-ਟੁੱਟੇ ਹੋਣ ਤੋਂ ਬਾਅਦ ਰੈਣ ਬਸੇਰਾ ਗੜ੍ਹੀ ਚਮਕੌਰ ਵਿਚ ਕੀਤਾ। ਰਹਿਰਾਸ ਤੋਂ ਬਾਅਦ ਜੋ ਵੀ ਕੁੱਝ ਛਕਣ ਨੂੰ ਮਿ-ਲਿਆ ਉਹ ਛੱਕ ਲਿਆ। ਸਿੰਘਾਂ ਦੀ ਭਾਵਨਾ ਸੀ ਕਿ ਸੋਹਣਿਆਂ ਗ਼ਲੀਚਿਆਂ, ਆਸਣਾਂ, ਸੋਹਣੇ ਚੰਦੋਇਆਂ ਹੇਠ ਆਸਣ ਲਾਉਣ ਵਾਲੇ ਗੁਰੂ ਜੀ ਲਈ ਅੱਜ ਸਾਡੇ ਕੋਲ ਕੁੱਝ ਵੀ ਨਹੀਂ। ਜੋ ਸਾਡੇ ਤਨ ਵਾਲੇ ਕਪੜੇ ਹਨ, ਉਨ੍ਹਾਂ ਦਾ ਹੀ ਆਸਣ ਬਣਾਵਾਂਗੇ। ਰਾਤ ਦਾ ਸਮਾਂ ਹੋਇਆ ਗੁਰੂ ਪਿਤਾ ਤੇ ਸਾਹਿਬਜ਼ਾਦਿਆਂ ਲਈ ਆਸਣ ਲਗਾ ਦਿਤਾ ਤੇ ਕਲਗੀਧਰ ਪਿਤਾ ਨੂੰ ਵਿਸ਼ਰਾਮ ਕਰਨ ਲਈ ਬੇਨਤੀ ਕੀਤੀ।
ਪਤਾ ਨਹੀਂ ਦੋਵੇਂ ਛੋਟੇ ਪੁੱਤਰ ਤੇ ਬ੍ਰਿਧ ਮਾਤਾ ਦਾ ਰੈਣ ਵਸੇਰਾ ਕਿੱਥੇ ਹੈ, ਕੋਈ ਪਤਾ ਨਹੀਂ ਪਿਆਰੇ ਸਿੰਘ ਕਿੱਥੇ ਹਨ। ਸਿੰਘਾਂ ਨੂੰ ਹੌਸਲਾ ਦੇ ਕੇ ਸੁਲਾ ਦਿਤਾ ਪਰ ਗੁਰੂ ਪਿਤਾ ਨੂੰ ਨੀਂਦ ਨਹੀਂ ਸੀ ਆ ਰਹੀ। ਕੱਚੇ ਪੈਂਡਿਆਂ ਦੀ ਧੂੜ ਨਾਲ ਮੈਲੇ ਬਸਤਰ ਤੇ ਥਕਾਵਟ ਕਾਰਨ ਸਿੰਘ ਘੂਕ ਸੌਂ ਰਹੇ ਸਨ। ਪੰਜ ਪਿਆਰੇ ਤੇ ਭਾਈ ਜੀਵਨ ਸਿੰਘ ਕੋਲ ਸਨ। ਰਾਤ ਨੂੰ ਜਦੋਂ ਸਾਰੇ ਖ਼ਾਮੋਸ਼ ਹੋ ਗਏ ਤਾਂ ਗੁਰੂ ਜੀ ਚੌਂਕੜਾ ਮਾਰ ਕੇ ਬੈਠ ਗਏ ਤੇ ਧੀਮੀ ਆਵਾਜ਼ ਵਿਚ ਵਾਹਿਗੁਰੂ ਦਾ ਜਾਪ ਕਰਨ ਲੱਗੇ। ਦੋਵੇਂ ਸਾਹਿਬਜ਼ਾਦੇ ਇਕ ਦੂਜੇ ਵਲ ਮੂੰਹ ਕਰ ਕੇ ਗਲਵਕੜੀ ਪਾ ਕੇ ਸੌਂ ਰਹੇ ਸਨ। ਹਜ਼ੂਰ ਕਦੇ ਸਿੰਘਾਂ ਦੇ ਨੇੜੇ ਜਾ ਕੇ ਉਨ੍ਹਾਂ ਦੇ ਮੁੱਖ ਵਲ ਵੇਖਦੇ ਤੇ ਕਦੇ ਦੋਵੇਂ ਸਾਹਿਬਜ਼ਾਦਿਆਂ ਕੋਲ ਬੈਠ ਕੇ, ਉਨ੍ਹਾਂ ਦੇ ਮੁੱਖ ਵਲ ਵੇਖਦੇ ਤੇ ਸੋਚਦੇ ਕਿ ਇਨ੍ਹਾਂ ਦੇ ਖੇਡਣ-ਕੁੱਦਣ ਦਾ ਸਮਾਂ ਮੁਸੀਬਤਾਂ ਵਿਚੋਂ ਦੀ ਗੁਜ਼ਰ ਰਿਹਾ ਹੈ। ਵਿਛੜ ਗਿਆਂ ਦੀ ਯਾਦ ਮੁੜ-ਮੁੜ ਸਤਾ ਰਹੀ ਸੀ। ਟਿਮ-ਟਿਮਾਉਂਦਿਆਂ ਤਾਰਿਆਂ ਦੀ ਠੰਢੀ ਰਾਤ, ਬਾਹਰ ਦੁਸ਼ਮਣ ਦੀਆਂ ਜਗਦੀਆਂ ਮਸ਼ਾਲਾਂ ਅਤੇ ਹੋਣੀ ਹਸਦੀ ਪਈ ਕਿ ਸਵੇਰੇ ਪਤਾ ਨਹੀਂ ਕੀ ਵਾਪਰਨਾ ਹੈ। ਕਦੇ ਥੋੜੀ ਜਿਹੀ ਅੱਖ ਲਗਦੀ ਤੇ ਫਿਰ ਖੁੱਲ੍ਹ ਜਾਂਦੀ। ਰਾਤ ਲੰਘ ਗਈ। ਅੰਮ੍ਰਿਤ ਵੇਲਾ ਹੋਇਆ, ਆਵਾਜ਼ ਦੇ ਕੇ ਪੰਜ ਪਿਆਰੇ ਤੇ ਸਾਹਿਬਜ਼ਾਦਿਆਂ ਨੂੰ ਉਠਾਇਆ। ਨਾਲ ਮਰਜੀਵੜੇ ਸਿੰਘ ਵੀ ਜਾਗ ਉੱਠੇ। ਅੰਮ੍ਰਿਤ ਵੇਲੇ ਦਾ ਦੀਵਾਨ ਸਜਿਆ ਤੇ ਅਰਦਾਸ ਉਪਰੰਤ ਹੁਕਮਨਾਮਾ ਲਿਆ।

22 ਦਸੰਬਰ ਨੂੰ ਜੰਗ ਹੋਣ ਲੱਗੀ, ਜ਼ਫ਼ਰਨਾਮੇ ਮੁਤਾਬਕ ਚਾਰੇ ਪਾਸੇ ਲੱਖਾਂ ਦੀ ਗਿਣਤੀ ਵਿਚ ਦੁਸ਼ਮਣ ਦੀਆਂ ਫ਼ੌਜਾਂ ਨੇ ਗੜ੍ਹੀ ਨੂੰ ਘੇਰਾ ਪਾ ਲਿਆ। ਦੁਸ਼ਮਣ ਮੁਗ਼ਲ ਤੇ ਪਹਾੜੀ ਰਾਜਿਆਂ ਦੀਆਂ ਫ਼ੌਜਾਂ ਦੇ ਕਈ ਜਰਨੈਲਾਂ ਤੋਂ ਇਲਾਵਾ ਲਾਹੌਰ ਦਾ ਸੂਬਾ ਵਜ਼ੀਰ ਖ਼ਾਂ ਵੀ ਅਪਣੀ ਫ਼ੌਜ ਲੈ ਕੇ ਪੁੱਜ ਗਿਆ ਸੀ। ਆਤਮ ਸਮਰਪਣ ਲਈ ਢਿੰਡੋਰਾ ਪਿਟਵ-ਾਇਆ ਗਿਆ। ਡਾ. ਲਤੀਫ਼ ਲਿਖਦਾ ਹੈ ਕਿ ਇਕ ਏਲਚੀ ਗੁਰੂ ਜੀ ਕੋਲ ਭੇਜਿਆ। ਉਸ ਨੇ ਆ ਕੇ ਗੁਰੂ ਜੀ ਨੂੰ ਕਿਹਾ ਕਿ ਤੁਸੀ ਸਮਰਪਣ ਕਰ ਦਿਉ ਤੇ ਉਸ ਨੇ ਕੁੱਝ ਗ਼ੈਰ-ਵਾਜਬ ਸ਼ਬਦਾਵਲੀ ਦੀ ਵਰਤੋਂ ਵੀ ਕੀਤੀ ਤਾਂ



ਸਿੰਘਾਂ ਨੇ ਕ੍ਰਿਪਾਨਾਂ ਧੂਹ ਲਈਆਂ। ਉਸ ਨੂੰ ਮੋੜਵਾਂ ਜਵਾਬ ਦਿਤਾ ਤੇ ਮੈਦਾਨੇ ਜੰਗ ਵਿਚ ਟਕਰਨ ਲਈ ਵੀ ਕਿਹਾ। ਦੁਸ਼ਮਣ ਨੇ ਸੋਚਿਆ ਕਿ ਗੁਰੂ ਗੋਬਿੰਦ ਸਿੰਘ ਜੀ ਨਾਲ ਕੁੱਝ ਕੁ ਸਿੰਘ ਹਨ, ਇਨ੍ਹਾਂ ਨੂੰ ਪੌੜੀ ਲਾ ਕੇ ਫੜ ਲੈਣਾ ਹੈ। ਨਾਹਰ ਖ਼ਾਂ ਪੌੜੀ ਲਾ ਕੇ ਚੜ੍ਹ ਗਿਆ ਅਤੇ ਉਸ ਨੇ ਗੜ੍ਹੀ ਦੀ ਦੀਵਾਰ ਉਪਰ ਦੀ ਸਿਰ, ਸਿੰਘਾਂ ਨੂੰ ਵੇਖਣ ਲਈ ਕਢਿਆ ਕਿ ਕਿੰਨੇ ਕੁ ਸਿੰਘ ਹਨ ਤੇ ਕਿਵੇਂ ਫੜ ਸਕਦੇ ਹਾਂ। ਗੁਰੂ ਜੀ ਨੇ ਉਸ ਦੀ ਖੋਪੜੀ ਕੰਧ ਉਤੋਂ ਦੀ ਵੇਖੀ ਤਾਂ ਤੀਰ ਕੱਢ ਕੇ ਨਾਹਰ ਖ਼ਾਂ ਦੀ ਅੱਖ ਵਿਚ ਪਰੋ ਦਿਤਾ ਤੇ ਉਹ ਧਰਤੀ ’ਤੇ ਧੜੱਮ ਕਰ ਕੇ ਉੱਚੀ ਕੰਧ ਤੋਂ ਹੇਠਾਂ ਡਿੱਗ ਪਿਆ ਤੇ ਸੁਆਸ ਨਿਕਲ ਗਏ। ਫਿਰ ਗ਼ਨੀ ਖ਼ਾਂ ਕੰਧ ਉਪਰ ਚੜ੍ਹਨ ਲਗਿਆ। ਗੁਰੂ ਜੀ ਨੇ ਗੁਰਜ਼ ਮਾ-ਰਿਆ ਤਾਂ ਉਸ ਦੇ ਸਿਰ ਦੀ ਮਿੱਝ ਬਾਹਰ ਨਿਕਲ ਗਈ ਤੇ ਹੇਠਾਂ ਜ਼ਮੀਨ ’ਤੇ ਡਿੱਗ ਪਿਆ। ਤੀਜਾ ਖ਼ਵਾਜ਼ਾ ਮਹਿਬੂਬ, ਉਹ ਵੀ ਬਚ ਨਾ ਸਕਿਆ। ਖ਼ਵਾਜ਼ਾ ਖਿਜ਼ਰ ਉਕਤ ਦ੍ਰਿਸ਼ ਵੇਖ ਕੇ ਗੜ੍ਹੀ ਦੀ ਕੰਧ ਉਹਲੇ ਲੁੱਕ ਗਿਆ। ਸਿੰਘਾਂ ਦੀ ਚੜ੍ਹਦੀ ਕਲਾ ਨੇ ਮੁਗ਼ਲ ਤੇ ਪਹਾੜੀ ਰਾਜਿਆਂ ਦੀਆਂ ਫ਼ੌਜਾਂ ਵਿਚ ਘਬਰਾਹਟ ਪਾ ਦਿਤੀ। ਮਮਟੀ ਤੋਂ ਗੁਰੂ ਜੀ ਆਪ ਤੀਰਾਂ ਦੀ ਵਰਖਾ ਕਰਦੇ ਹੋਣ ਕਰ ਕੇ ਦੁਸ਼ਮਣ ਦੀਆਂ ਫ਼ੌਜਾਂ ਨੇੜੇ ਆਉਣ ਵਿਚ ਅਸਫ਼ਲ ਸਨ। ਸਿੰਘਾਂ ਦੀਆਂ ਗੋਲੀਆਂ ਤੇ ਤੀਰਾਂ ਦੀ ਵਰਖਾ ਦੇ ਨਾਲ-ਨਾਲ ਭਾਈ ਜੀਵਨ ਸਿੰਘ ਜਦੋਂ ਬਖ਼ਸ਼ਿਸ਼ ਨਾਗਣੀ ਤੇ ਬਾਘਣੀ ਬੰਦੂਕਾਂ ਨਾਲ ਇਕੋ ਸਮੇਂ ਦੋ-ਦੋ ਫ਼ਾਇਰ ਕਢਦੇ ਤਾਂ ਇੰਜ ਲਗਦਾ ਜਿਵੇਂ ਅੰਬਰ ਫਟ ਰਿਹਾ ਹੋਵੇ।

ਦੁਸ਼ਮਣ ਇਕਦਮ ਬਾਹਰੋਂ ਗੜ੍ਹੀ ਅੰਦਰ ਹਮਲਾ ਕਰਨ ਲੱਗਾ ਤਾਂ ਭਾਈ ਹਿੰਮਤ ਸਿੰਘ ਨੇ ਗੁਰੂ ਜੀ ਨੂੰ ਬੇਨਤੀ ਕੀਤੀ, “ਹੇ ਸਤਿਗੁਰੂ, ਜਿੱਥੇ ਤੁਹਾਡੇ ਚਰਨ ਪੈ ਗਏ, ਉਹ ਸਾਡੇ ਗੁਰੂ ਦਾ ਘਰ ਹੈ, ਜੇ ਦੁਸ਼ਮਣ ਨੇ ਅੰਦਰ ਆ ਕੇ ਹਮਲਾ ਕਰ ਦਿਤਾ ਤਾਂ ਅਸੀ ਇਹ ਹਮਲਾ ਸਾਡੇ ਗੁਰੂ ’ਤੇ ਸਮਝਾਂਗੇ।”
ਗੁਰੂ ਜੀ ਦੀ ਆਗਿਆ ਤੋਂ ਪਿੱਛੋਂ ਭਾਈ ਆਲਮ ਸਿੰਘ ਦੀ ਅਗਵਾਈ ਵਿਚ ਪੰਜ ਸਿੰਘ ਮੈਦਾਨੇ ਜੰਗ ਵਿਚ ਨਿਕਲੇ ਤੇ ਇਕਦਮ ਦੁਸ਼ਮਣ ਫ਼ੌਜਾਂ ’ਤੇ ਟੁੱਟ ਪਏ। ਦੁਸ਼ਮਣ ਦੀਆਂ ਫ਼ੌਜਾਂ ਨੂੰ ਮਾਰਦੇ ਕਟਦੇ ਹੋਏ ਪੂਰੀ ਹਿੰਮਤ ਨਾਲ ਲੜੇ। ਮਮਟੀ ਵਿਚੋਂ ਗੁਰੂ ਜੀ ਸ਼ਾਬਾਸ਼ ਦੇ ਕੇ ਹੌਸਲਾ ਦਿੰਦੇ ਰਹੇ ਤੇ ਤੀਰ ਚਲਾਉਂਦੇ ਰਹੇ। ਅਖ਼ੀਰ ਵਿਚ ਜੂਝਦਾ ਹੋਇਆ ਇਹ ਜੱਥਾ ਸ਼ਹਾਦਤ ਦਾ ਜਾਮ ਪੀ ਗਿਆ। ਗੁਰੂ ਜੀ ਤੋਂ ਆਗਿਆ ਲੈ ਕੇ ਦੂਜਾ ਜੱਥਾ ਭਾਈ ਖ਼ਜ਼ਾਨ ਸਿੰਘ ਦੀ ਅਗਵਾਈ ਵਿਚ ਮੈਦਾਨੇ ਜੰਗ ’ਤੇ ਜਾ ਨਿਤਰਿਆ। ਕਾਫ਼ੀ ਸਮਾਂ ਜੂਝ ਕੇ ਇਹ ਜੱਥਾ ਵੀ ਦੁਸ਼ਮਣ ਦੇ ਆਹੂ ਲਾਹੁੰਦਿਆਂ ਸ਼ਹਾਦਤ ਪਾ ਗਿਆ। ਫਿਰ ਜਦੋਂ ਭਾਈ ਸੰਤ ਸਿੰਘ ਦੀ ਅਗਵਾਈ ਵਿਚ ਗਿਆ ਤੀਜਾ ਜੱਥਾ ਵੀ ਸ਼ਹੀਦ ਹੋ ਗਿਆ ਤਾਂ ਭਾਈ ਦਇਆ ਸਿੰਘ ਨੇ ਗੁਰੂ ਜੀ ਨੂੰ ਬੇਨਤੀ ਕੀਤੀ, “ਹੇ ਦਾਤਾ, ਤੁਸੀਂ ਸਾਹਿਬਜ਼ਾਦਿਆਂ ਨੂੰ ਨਾਲ ਲੈ ਕੇ ਇਥੋਂ ਨਿਕਲ ਜਾਉ।”
ਗੁਰੂ ਜੀ ਨੇ ਦਇਆ ਸਿੰਘ ਦੇ ਮੋਢੇ ’ਤੇ ਹੱਥ ਰੱਖ ਕੇ ਕਿਹਾ, “ਦਇਆ ਸਿੰਘ, ਮੈਂ ਅਪਣੇ ਪੁੱਤਰਾਂ ਤੇ ਅਪਣੇ ਸਿੰਘਾਂ ਵਿਚ ਕਦੇ ਫ਼ਰਕ ਨਹੀਂ ਸਮਝਿਆ। ਅਪਣੇ ਸਿੰਘ ਤਾਂ ਮੈਨੂੰ ਪੁੱਤਰਾਂ ਨਾਲੋਂ ਵੀ ਵੱਧ ਪਿਆਰੇ ਹਨ।” ਇਹ ਸੁਣਦਿਆਂ ਹੀ 18 ਸਾਲਾਂ ਦੇ ਬਾਬਾ ਅਜੀਤ ਸਿੰਘ ਉਠ ਕੇ ਸਾਹਮਣੇ ਆਏ ਤੇ ਗੁਰੂ ਪਿਤਾ ਦੇ ਚਰਨਾਂ ਵਿਚ ਬੇਨਤੀ ਕਰ ਕੇ ਮੈਦਾਨੇ ਜੰਗ ’ਚ ਜਾਣ ਦੀ ਆਗਿਆ ਮੰਗੀ।
ਗੁਰੂ ਜੀ ਨੇ ਚੌਥਾ ਜੱਥਾ ਭਾਈ ਮੋਹਕਮ ਸਿੰਘ ਦੀ ਅਗਵਾਈ ਵਿਚ ਭੇਜਿਆ। ਇਸ ਜੱਥੇ ਵਿਚ ਬਾਬਾ ਅਜੀਤ ਸਿੰਘ ਅਤੇ ਭਾਈ ਸੁੱਖਾ ਸਿੰਘ (ਪੁੱਤਰ ਭਾਈ ਜੀਵਨ ਸਿੰਘ) ਸੱਭ ਤੋਂ ਛੋਟੀ ਉਮਰ ਦੇ ਸਨ। ਗੁਰੂ ਪਿਤਾ ਨੇ ਮੈਦਾਨੇ ਜੰਗ ਵਿਚ ਜਾਣ ਤੋਂ ਪਹਿਲਾਂ ਬਾਬਾ ਅਜੀਤ ਸਿੰਘ ਨੂੰ ਸੀਨੇ ਨਾਲ ਲਾ ਕੇ ਹੌਸਲਾ ਦਿਤਾ। ਜੰਗ ਵਿਚ ਜਾਣ ਤੋਂ ਪਹਿਲਾਂ ਬਾਬਾ ਜੀਵਨ ਸਿੰਘ ਅਤੇ ਹੋਰ ਹਾਜ਼ਰ ਸਿੰਘਾਂ ਨੇ ਜੈਕਾਰੇ ਗੁੰਜਾਉਂਦਿਆਂ ਜੱਥੇ ਨੂੰ ਮੈਦਾਨੇ ਜੰਗ ਵਿਚ ਭੇਜਿਆ।

ਕਲਗੀਧਰ ਪਾਤਸ਼ਾਹ ਦਾ ਪਹਿਲਾ ਪੁੱਤਰ ਦੁਪਹਿਰ ਮਗਰੋਂ ਜੰਗ ਲੜਦਿਆਂ ਅਪਣੇ ਜੱਥੇ ਸਮੇਤ ਸ਼ਹਾਦਤ ਦਾ ਜਾਮ ਪੀ ਗਿਆ। ਗੁਰੂ ਜੀ ਨੇ ਮਮਟੀ ਵਿਚ ਬੈਠ ਕੇ ਲੜਦਿਆਂ ਬੀਰ ਪੁੱਤਰ ਦੇ ਜੌਹਰ ਵੇਖੇ ਤੇ ਸ਼ਹਾਦਤ ਉਪਰੰਤ ‘ਬੋਲੇ ਸੋ ਨਿਹਾਲ, ਸਤਿ ਸ੍ਰੀ ਆਕਾਲ’ ਦਾ ਜੈਕਾਰਾ ਲਾਉਂਦਿਆਂ ਤੇ ਅਕਾਲ ਪੁਰਖ ਦਾ ਸ਼ੁਕਰਾਨਾ ਕਰਦਿਆਂ ਸਿਰ ਝੁਕਾਇਆ। ਗੁਰੂ ਜੀ ਹੇਠ ਉਤਰੇ ਤਾਂ ਬਾਬਾ ਜੁਝਾਰ ਸਿੰਘ ਜੀ ਵੀ ਸਾਹਮਣੇ ਆ ਗਏ। ਉਨ੍ਹਾਂ ਵੀ ਵੱਡੇ ਭਰਾ ਵਾਂਗੂੰ ਮੈਦਾਨੇ ਜੰਗ ’ਚ ਜਾਣ ਦੀ ਆਗਿਆ ਮੰਗੀ। ਬਾਬਾ ਜੁਝਾਰ ਸਿੰਘ ਦੀ ਬੇਨਤੀ ’ਤੇ ਗੁਰੂ ਪਿਤਾ ਨੇ ਕਿਹਾ, “ਮੇਰੇ ਲਾਲ, ਮੈਦਾਨੇ ਜੰਗ ਜਾਣ ਲਈ ਤੇਰਾ ਸ਼ਿੰਗਾਰ ਮੈਂ ਆਪ ਕਰਨਾ ਹੈ।” ਪਿਤਾ ਨੇ ਸ਼ਸਤਰ ਦਿਤੇ ਤੇ ਅਪਣੇ ਕਮਰ-ਕੱਸੇ ਵਾਲਾ ਖੰਜਰ ਬਾਬਾ ਜੁਝਾਰ ਸਿੰਘ ਦੇ ਕਮਰ-ਕੱਸੇ ’ਚ ਸਜਾਇਆ ਤੇ ਭਾਈ ਹਿੰਮਤ ਸਿੰਘ ਦੀ ਅਗਵਾਈ ਵਿਚ ਛੇ ਸਿੰਘਾਂ ਦੇ ਜੱਥੇ ਨੂੰ ਮੈਦਾਨੇ ਜੰਗ ਲਈ ਤੋਰਿਆ।

ਉਸ ਸਮੇਂ ਬਾਬਾ ਜੁਝਾਰ ਸਿੰਘ ਜੀ ਦੀ ਉਮਰ ਸਿਰਫ਼ 14 ਸਾਲ ਸੀ। ਗੁਰੂ ਪਿਤਾ ਨੇ ਸਾਹਿਬਜ਼ਾਦੇ ਦੀ ਦਲੇਰੀ ’ਤੇ ਫ਼ਖ਼ਰ ਮਹਿਸੂਸ ਕੀਤਾ ਤੇ ਪ੍ਰਸੰਨ ਹੋ ਕੇ ਸਾਹਿਬਜ਼ਾਦੇ ਨੂੰ ਪੰਜ ਸਿੰਘਾਂ ਦੇ ਜੱਥੇ ਨਾਲ ਮੈਦਾਨੇ ਜੰਗ ਨੂੰ ਤੋਰਿਆ। ਪਿਤਾ-ਪੁੱਤਰ ਵਿਚਕਾਰ ਹੋਏ ਵਾਰਤਾਲਾਪ ਨੂੰ ਸੂਫ਼ੀ ਸ਼ਾਇਰ ਜੋਗੀ ਅੱਲ੍ਹਾ ਯਾਰ ਖ਼ਾਂ ਬਿਆਨ ਕਰਦੇ ਹਨ:-

ਇਸ ਵਕਤ ਕਹਾ ਨੰਨ੍ਹੇ ਸੇ ਮਾਸੂਮ ਪਿਸਰ ਨੇ।
ਰੁਖ਼ਸਤ ਹਮੇ ਦਿਲਵਾਉ ਪਿਤਾ,
ਜਾਏਂਗੇ ਮਰਨੇ।
ਭਾਈ ਸੇ ਬਿਛੜ ਕਰ ਹਮੇ,
ਜੀਨਾ ਨਹੀਂ ਆਤਾ।
ਸੋਨਾ ਨਹੀਂ, ਖਾਨਾ ਨਹੀਂ, ਪੀਨਾ ਨਹੀਂ ਭਾਤਾ।

ਬਾਬਾ ਅਜੀਤ ਸਿੰਘ ਤੇ ਸਿੰਘਾਂ ਦੀ ਸ਼ਹਾਦਤ ਹੋਣ ਕਰ ਕੇ ਜੱਥੇ ਦੇ ਸਿੰਘਾਂ ਵਿਚ ਕਾਫ਼ੀ ਗੁੱਸਾ ਤੇ ਜੋਸ਼ ਸੀ। ਬਾਬਾ ਜੁਝਾਰ ਸਿੰਘ ਤੇ ਉਨ੍ਹਾਂ ਦੇ ਜੱਥੇ ਨੂੰ ਹਮਲਾ ਕਰਨ ’ਤੇ ਵਾਰ-ਵਾਰ ਘੇਰਾ ਪੈ ਜਾਂਦਾ। ਮਮਟੀ ਵਿਚੋਂ ਗੁਰੂ ਜੀ ਤੀਰਾਂ ਤੇ ਗੋਲੀਆਂ ਦੀ ਬੁਛਾੜ ਕਰ ਦਿੰਦੇ ਤਾਂ ਦੁਸ਼ਮਣ ਦਾ ਘੇਰਾ ਟੁੱਟ ਜਾਂਦਾ। ਸਾਹਿਬਜ਼ਾਦੇ ਨੇ ਨੇਜ਼ੇ ਨਾਲ ਵੈਰੀਆਂ ’ਤੇ ਵਾਰ ਕਰ ਕੇ ਬਹਾਦਰੀ ਦੇ ਜੌਹਰ ਵਿਖਾਏ। ਹਕੂਮਤ ਦੀ ਲੱਖਾਂ ਦੀ ਫ਼ੌਜ ਅੱਗੇ ਮੁੱਠੀ ਭਰ ਲਾਡਲੀਆਂ ਫ਼ੌਜਾਂ ਅਖ਼ੀਰ ਕਿੰਨਾ ਕੁ ਸਮਾਂ ਟਿਕ ਸਕਦੀਆਂ ਸਨ।

ਸਾਹਿਬਜ਼ਾਦੇ ਸਮੇਤ ਜੱਥੇ ਦੇ ਸਿੰਘ ਸ਼ਹੀਦੀਆਂ ਪਾ ਗਏ। ਪਿਤਾ ਜੀ ਨੇ ਖ਼ੁਦ ਮੁਕਾਬਲਾ ਕਰਦਿਆਂ ਲਾਡਲੇ ਸਿੰਘਾਂ ਤੇ ਦੋਵਾਂ ਪੁੱਤਰਾਂ ਦੇ ਵੀਰਤਾ ਦੇ ਜੌਹਰ ਅੱਖੀਂ ਵੇਖੇ। ਸ਼ਹੀਦ ਹੁੰਦਿਆਂ ਵੇਖ ਕੇ ‘ਬੋਲੇ ਸੋ ਨਿਹਾਲ, ਸਤਿ ਸ੍ਰੀ ਆਕਾਲ’ ਦੇ ਜੈਕਾਰੇ ਨਾਲ ਹੀ ਅਕਾਲ ਪੁਰਖ ਦੇ ਸ਼ੁਕਰਾਨੇ ਵਜੋਂ ਸੀਸ ਝੁਕਾਇਆ ਕਿ ਤੇਰੀ ਅਮਾਨਤ ਤੈਨੂੰ ਸੌਂਪ ਦਿਤੀ ਹੈ। ਜੋਗੀ ਅੱਲ੍ਹਾ ਯਾਰ ਖ਼ਾਂ ਲਿਖਦੇ ਹਨ : -

ਬਸ ਏਕ ਹਿੰਦ ਮੇ ਤੀਰਥ ਹੈ, ਯਾਤਰਾ ਕੇ ਲਿਯੇ।
ਕਟਾਏ ਬਾਪ ਨੇ ਬੱਚੇ ਜਹਾਂ ਖ਼ੁਦਾ ਕੇ ਲਿਯੇ।
ਚਮਕ ਹੈ ਮਿਹਰ ਕੀ ਚਮਕੌਰ ਤੇਰੇ ਜ਼ਰੋਂ ਮੇ।
ਯਹੀ ਸੇ ਬਨ ਕੇ ਸਿਤਾਰੇ ਗਏ ਸ਼ਮ੍ਹਾਂ ਕੇ ਲਿਯੇ।।

ਸ਼ਹੀਦ ਚਾਲੀ ਸਿੰਘਾਂ ਵਿਚੋਂ 11 ਸਿੰਘ ਭਾਈ ਧਰਮ ਸਿੰਘ, ਦਇਆ ਸਿੰਘ, ਸੰਗਤ ਸਿੰਘ, ਲੱਧਾ ਸਿੰਘ, ਦੇਵਾ ਸਿੰਘ, ਰਾਮ ਸਿੰਘ, ਸੰਤੋਖ ਸਿੰਘ, ਮਾਨ ਸਿੰਘ, ਕਾਠਾ ਸਿੰਘ, ਕੇਹਰ ਸਿੰਘ ਅਤੇ ਜੀਵਨ ਸਿੰਘ (ਜੈਯਤਾ ਜੀ) ਰਹਿ ਗਏ। ਮੌਕੇ ’ਤੇ ਨਾਮਜ਼ਦ ਕੀਤੇ ਪੰਜ ਪਿਆਰਿਆਂ ਦੇ ਗੁਰਮਤੇ ਨੂੰ ਪ੍ਰਵਾਨਗੀ ਦਿੰਦਿਆਂ ਗੁਰੂ ਜੀ ਨੂੰ ਅਪਣੀ ਹੋਂਦ ਕਾਇਮ ਰੱਖਣ ਲਈ ਗੜ੍ਹੀ ਨੂੰ ਛਡਣਾ ਪਿਆ। ਗੁਰੂ ਜੀ ਨੇ ਜਾਣ ਸਮੇਂ ਅਪਣੀ ਪਵਿੱਤਰ ਕਲਗ਼ੀ ਤੇ ਪੁਸ਼ਾਕਾ ਭਾਈ ਜੀਵਨ ਸਿੰਘ ਨੂੰ ਪਹਿਨਾ ਕੇ, ਅਪਣੀ ਥਾਂ ਤੇ ਯੁੱਧ ਨੀਤੀ ਨਾਲ ਬੁਰਜ ਵਿਚ ਬਿਠਾ ਕੇ, ਆਪ ਤਿੰਨ ਸਿੰਘਾਂ ਸਮੇਤ ਪੰਜ ਪਿਆਰਿਆਂ ਦੇ ਹੁਕਮ ਨੂੰ ਪ੍ਰਵਾਨਗੀ ਦੇ ਗਏ। ਗੜ੍ਹੀ ਪ੍ਰਕਰਮਾ ’ਚ ਚਾਲੀ ਸਿੰਘਾਂ ਵਿਚੋਂ ਵੱਡੇ ਸਾਹਿਬਜ਼ਾਦਿਆਂ ਦੀ ਇਤਿਹਾ-ਸਕ ਯਾਦਗਾਰ ਦੇ ਨੇੜੇ ਭਾਈ ਜੀਵਨ ਸਿੰਘ ਦੀ ਇਕੋ-ਇਕ ਪ੍ਰਾਚੀਨ ਤੇ ਇਤਿਹਾਸਕ ਯਾਦਗਾਰ, ਜਿਸ ਦੇ ਵੇਰਵੇ ਇਤਿਹਾਸਕ ਗ੍ਰੰਥਾਂ ਵਿਚ ਮਿਲਦੇ ਹਨ ਜੋ ਕਿ ਹਾਜ਼ਰ 11 ਸਿੰਘਾਂ ਵਿਚੋਂ ਸੱਭ ਤੋਂ ਪਿੱਛੋਂ ਸ਼ਹਾਦਤ ਪਾਉਣ ਵਾਲੇ ਜਰਨੈਲ ਸਨ।

ਗੁਰਮੇਲ ਸਿੰਘ ਗਿੱਲ
ਗੁਰੂ ਤੇਗ਼ ਬਹਾਦਰ ਨਗਰ,
ਵਾਰਡ ਨੰ:1, ਮਾਨਸਾ।


Wishing You a
MERRY CHRISTMAS
and a
HAPPY NEW YEAR
Ruby Sahota
Your Member of Parliament
RubySahotaLib
Ruby.Sahota@parl.gc.ca
905-840-0505


Merry Christmas
and
HAPPY NEW YEAR
TAX-FREE
Happy Holidays!
Wishing you happiness, success, and a wonderful New Year ahead!
Starting Dec 14, 2024 Canadians will enjoy a tax break on everyday essential goods until February 15, 2025!
As we celebrate this holiday season, I want to take a moment to wish each and every one of you a Merry Christmas and a Happy New Year! This time of year is about family, community, and the warmth we share with one another. I'm happy to share that the new GST/HST tax break, running from December 14, 2024, to February 15, 2025, is here to bring a little extra relief during these challenging times. You've all worked hard, and you deserve a break. Wishing you peace, joy, and a wonderful year ahead surrounded by those you love.
– Sonia Sidhu
SONIA SIDHU
Member of Parliament
Brampton South
905-846-0076
sonia.sidhu@parl.gc.ca


Algoma
UNIVERSITY
MY MISSION:
A career in law that tackles climate change
The individual missions of our students are inspired by Algoma University's Special Mission, which is what sets us apart – and brings us together.

